SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 23* Issue 01 | Tuesday, January 02, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ

## 3 ਪੁਲਿਸ ਅਧਿਕਾਰੀਆਂ ਨੂੰ ਜ਼ਖ਼ਮੀ ਕਰਨ ਵਾਲੇ ਵਿਅਕਤੀ ਨੂੰ ਕੀਤਾ ਗਿਆ ਚਾਰਜ

ਓਨਟਾਰੀਓ, 1 ਜਨਵਰੀ (ਪੋਸਟ ਬਿਊਰੋ) : ਨਵੇਂ ਸਾਲ ਵਾਲੇ ਦਿਨ ਬੋਮਨਵਿੱਲ, ਓਨਟਾਰੀਓ ਦੇ ਇੱਕ ਘਰ ਦੇ ਬਾਹਰ ਹੋਏ ਝਗੜੇ ਵਿੱਚ ਤਿੰਨ ਪੁਲਿਸ ਅਧਿਕਾਰੀ ਜ਼ਖ਼ਮੀ ਹੋ ਗਏ ਜਦਕਿ ਇੱਕ 42 ਸਾਲਾ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ।




ਇਹ ਘਟਨਾ ਉਸ ਸਮੇਂ ਵਾਪਰੀ ਜਦੋਂ ਪੈਰਾਮੈਡਿਕਸ ਰਾਤੀਂ 2:20 ਉੱਤੇ ਲਿਬਰਟੀ ਸਟਰੀਟ ਨੌਰਥ ਵਿੱਚ ਰਹਿਣ ਵਾਲੇ ਕਿਸੇ ਵਿਅਕਤੀ, ਜਿਸ ਦਾ ਇਸ ਘਟਨਾ ਨਾਲ ਕੋਈ ਸਬੰਧ ਨਹੀਂ, ਦਾ ਇਲਾਜ ਕਰ ਰਹੇ ਸਨ। ਐਨੇ ਨੂੰ ਇੱਕ ਵਿਅਕਤੀ ਨੇ ਚਾਕੂ ਕੱਢ ਲਿਆ ਤੇ ਉਨ੍ਹਾਂ ਨਾਲ ਔਖਾ ਹੋਣ ਲੱਗਿਆ। ਪੁਲਿਸ ਅਧਿਕਾਰੀਆਂ ਨੇ ਉਸ ਵਿਅਕਤੀ ਨਾਲ ਗੱਲ ਕਰਨ ਦੀ ਕੋਸ਼ਿਸ਼ ਕੀਤੀ ਪਰ ਹਾਲਾਤ ਵਿਗੜ ਗਏ। ਜਾਂਚਕਾਰਾਂ ਨੇ ਦੱਸਿਆ ਕਿ ਉਹ ਵਿਅਕਤੀ ਇੱਕ ਅਧਿਕਾਰੀ ਉੱਤੇ ਟੁੱਟ ਪਿਆ ਤੇ ਉਸ ਦੇ ਮੂੰਹ ਉੱਤੇ ਕਈ ਘਸੁੰਨ ਜੜ ਦਿੱਤੇ।

ਸੋਮਵਾਰ ਨੂੰ ਜਾਰੀ ਕੀਤੀ ਗਈ ਨਿਊਜ਼ ਰਲੀਜ਼ ਵਿੱਚ ਪੁਲਿਸ ਨੇ ਆਖਿਆ ਕਿ ਬੜੀ ਮੁਸ਼ਕਲ ਨਾਲ ਪੁਲਿਸ ਅਧਿਕਾਰੀਆਂ ਨੇ ਉਸ ਵਿਅਕਤੀ ਨੂੰ ਕਾਬੂ ਕਰਕੇ ਹਿਰਾਸਤ ਵਿੱਚ ਲਿਆ। ਗ੍ਰਿਫਤਾਰੀ ਦੌਰਾਨ ਤਿੰਨ ਅਧਿਕਾਰੀ ਜ਼ਖ਼ਮੀ ਵੀ ਹੋ ਗਏ। ਪੁਲਿਸ ਨੇ ਦੱਸਿਆ ਕਿ ਮਸ਼ਕੂਕ ਨੂੰ ਹਮਲਾ ਕਰਨ ਦੇ ਸਬੰਧ ਵਿੱਚ ਚਾਰਜ ਕੀਤਾ ਗਿਆ ਹੈ।

## ਹਥਿਆਰ ਰੱਖਣ ਦੇ ਦੋਸ਼ ਵਿੱਚ 18 ਸਾਲਾ ਲੜਕੇ ਨੂੰ ਕੀਤਾ ਗਿਆ ਚਾਰਜ

ਬਰੈਂਪਟਨ, 1 ਜਨਵਰੀ (ਪੋਸਟ ਬਿਊਰੋ) : ਬਰੈਂਪਟਨ ਵਿੱਚ ਇੱਕ ਗੱਡੀ ਦੀ ਤਲਾਸ਼ੀ ਲੈਣ ਤੋਂ ਬਾਅਦ ਪੀਲ ਪੁਲਿਸ ਨੂੰ ਇੱਕ ਭਰੀ ਹੋਈ ਗੰਨ ਮਿਲੀ ਤੇ ਇਸ ਸਬੰਧ ਵਿੱਚ ਪੁਲਿਸ ਨੇ ਹਥਿਆਰਾਂ ਸਬੰਧੀ ਕਈ ਮਾਮਲਿਆਂ ਵਿੱਚ ਬਰੈਂਪਟਨ ਦੇ ਇੱਕ 18 ਸਾਲਾ ਲੜਕੇ ਨੂੰ ਚਾਰਜ ਕੀਤਾ ਹੈ।

20 ਨਵੰਬਰ, 2023 ਨੂੰ ਰਾਤੀਂ 11:00 ਵਜੇ ਪੁਲਿਸ ਸਟੀਲਜ਼ ਐਵਨਿਊ ਤੇ ਟੋਰਮੈਨ ਰੋਡ ਇਲਾਕੇ ਵਿੱਚ ਗਸ਼ਤ ਕਰ ਰਹੀ ਸੀ। ਇੱਕ ਗੱਡੀ ਦੀ ਤਲਾਸ਼ੀ ਦੌਰਾਨ ਪੁਲਿਸ ਨੂੰ ਭਰੀ ਹੋਈ ਗੰਨ ਤੇ ਉਸ ਦੇ ਨਾਲ ਹੀ ਮੈਗਜ਼ੀਨ ਵੀ ਮਿਲਿਆ। ਇਸ ਹਥਿਆਰ ਦਾ ਫਰੇਮ 3ਡੀ ਪ੍ਰਿੰਟਰ ਰਾਹੀਂ ਤਿਆਰ ਕੀਤਾ ਗਿਆ ਸੀ।



ਇਸ ਮਾਮਲੇ ਵਿੱਚ ਬਰੈਂਪਟਨ ਦੇ 18 ਸਾਲਾ ਜਸਟਿਨ ਮੈਕਲੀਸ ਨੂੰ ਗ੍ਰਿਫਤਾਰ ਤੇ ਚਾਰਜ ਕੀਤਾ ਗਿਆ ਹੈ। ਉਸ ਉੱਤੇ ਅਣਅਧਿਕਾਰਕ ਤੌਰ ਉੱਤੇ ਹਥਿਆਰ ਰੱਖਣ, ਹਥਿਆਰ ਰੱਖਣ ਦੀ ਅਣਅਧਿਕਾਰਕ ਜਾਣਕਾਰੀ ਹੋਣ ਆਦਿ ਵਰਗੇ ਚਾਰਜਿਜ਼ ਲਾਏ ਗਏ ਹਨ। ਉਸ ਦੀ ਜ਼ਮਾਨਤ ਸਬੰਧੀ ਸੁਣਵਾਈ ਲਈ ਉਸ ਨੂੰ ਓਨਟਾਰੀਓ ਕੋਰਟ ਆਫ ਜਸਟਿਸ ਵਿੱਚ ਪੇਸ਼ ਕੀਤਾ ਗਿਆ।

## ਛੁਰੇਬਾਜ਼ੀ ਕਾਰਨ ਇੱਕ ਵਿਅਕਤੀ ਦੀ ਹੋਈ ਮੌਤ, ਮਸ਼ਕੂਕ ਨੂੰ ਕੀਤਾ ਗਿਆ ਚਾਰਜ

ਟੋਰਾਂਟੋ, 1 ਜਨਵਰੀ (ਪੋਸਟ ਬਿਊਰੋ) : ਫੋਰਟ ਯੌਰਕ ਨੇੜੇ ਸ਼ੈਲਟਰ ਵਿੱਚ ਰਹਿਣ ਵਾਲੇ ਇੱਕ ਵਿਅਕਤੀ ਨੂੰ ਰਾਤ ਸਮੇਂ ਚਾਕੂ ਮਾਰਨ ਵਾਲੇ 25 ਸਾਲਾ ਮਸ਼ਕੂਕ ਨੂੰ ਪੁਲਿਸ ਨੇ ਗ੍ਰਿਫਤਾਰ ਕਰ ਲਿਆ। ਸ਼ਨਿੱਚਰਵਾਰ ਸਵੇਰੇ ਜ਼ਖ਼ਮੀ ਵਿਅਕਤੀ ਦੀ ਮੌਤ ਹੋ ਗਈ।



ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਲੇਕ ਸ਼ੋਰ ਬੁਲੇਵਾਰਡ ਵੈਸਟ ਤੇ ਬਾਥਰਸਟ ਸਟਰੀਟ ਇਲਾਕੇ ਵਿੱਚ ਸਥਿਤ ਸ਼ੈਲਟਰ ਵਿੱਚ ਸਵੇਰੇ 1:55 ਵਜੇ ਦੇ ਨੇੜੇ ਤੇੜੇ ਛੁਰੇਬਾਜ਼ੀ ਦੀ ਘਟਨਾ ਵਾਪਰਨ ਸਬੰਧੀ ਖਬਰ ਮਿਲੀ। ਜਦੋਂ ਪੁਲਿਸ ਮੌਕੇ ਉੱਤੇ ਪਹੁੰਚੀ ਤਾਂ ਉਨ੍ਹਾਂ ਨੂੰ ਇੱਕ ਵਿਅਕਤੀ ਜ਼ਖ਼ਮੀ ਹਾਲਤ ਵਿੱਚ ਮਿਲਿਆ। ਉਸ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਸ਼ਨਿੱਚਰਵਾਰ ਸਾਮ ਨੂੰ ਜਾਰੀ ਕੀਤੀ ਗਈ ਨਿਊਜ਼ ਰਲੀਜ਼ ਵਿੱਚ ਪੁਲਿਸ ਨੇ ਦੱਸਿਆ ਕਿ ਮਾਰਿਆ ਗਿਆ ਵਿਅਕਤੀ 41 ਸਾਲਾ ਸੀ ਪਰ ਉਸ ਦੇ ਨਾਂ ਦਾ ਖੁਲਾਸਾ ਨਹੀਂ ਕੀਤਾ ਗਿਆ। ਇਸ ਦੌਰਾਨ ਮੌਕੇ ਤੋਂ ਇੱਕ 25 ਸਾਲਾ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ। ਪੁਲਿਸ ਨੇ ਉਸ ਦੀ ਪਛਾਣ ਮਲਿਕ ਕੌਂਡਲ ਵਜੋਂ ਕੀਤੀ ਤੇ ਆਖਿਆ ਕਿ ਉਸ ਖਿਲਾਫ ਸੈਕਿੰਡ ਡਿਗਰੀ ਮਰਡਰ ਦੇ ਚਾਰਜਿਜ਼ ਲਾਏ ਗਏ ਹਨ।

## ਆਤਿਸ਼ਬਾਜ਼ੀ ਵੇਖਣ ਗਏ 16 ਸਾਲਾ ਲੜਕੇ ਦੀ ਛੁਰੇਬਾਜ਼ੀ ਵਿੱਚ ਹੋਈ ਮੌਤ

ਲੰਡਨ, 1 ਜਨਵਰੀ (ਪੋਸਟ ਬਿਊਰੋ) : ਨਵੇਂ ਸਾਲ ਤੋਂ ਇੱਕ ਦਿਨ ਪਹਿਲਾਂ ਆਤਿਸਬਾਜ਼ੀ ਵੇਖਣ ਲਈ ਪ੍ਰਿਮਰੋਜ਼ ਹਿੱਲ ਉੱਤੇ ਇੱਕਠੇ ਹੋਏ ਲੋਕਾਂ ਵਿੱਚੋਂ ਇੱਕ 16 ਸਾਲਾ ਲੜਕੇ ਉੱਤੇ ਚਾਕੂ ਨਾਲ ਕੀਤੇ ਗਏ ਵਾਰ ਕਾਰਨ ਉਸ ਦੀ ਮੌਤ ਹੋ ਗਈ। ਇਹ ਜਾਣਕਾਰੀ ਪੁਲਿਸ ਨੇ ਸੋਮਵਾਰ ਨੂੰ ਦਿੱਤੀ।

ਡਿਟੈਕਟਿਵ ਚੀਫ ਇੰਸਪੈਕਟਰ ਜੈੱਫ ਗ੍ਰੌਗਨ ਨੇ ਦੱਸਿਆ ਕਿ ਹੈਰੀ ਪਿਟਮੈਨ ਆਪਣੇ ਦੋਸਤਾਂ ਨਾਲ ਅੱਧੀ ਰਾਤ ਨੂੰ ਆਤਿਸ਼ਬਾਜ਼ੀ ਵੇਖਣ ਲਈ ਪ੍ਰਿਮਰੋਜ਼ ਹਿੱਲ ਉੱਤੇ ਪਹੁੰਚਿਆ ਹੋਇਆ ਸੀ। ਇਸ ਦੌਰਾਨ ਉਸ ਦੀ ਕਿਸੇ ਨਾਲ ਤਕਰਾਰ ਹੋ ਗਈ ਜੋ ਕਿ ਉਸ ਲਈ ਘਾਤਕ ਸਿੱਧ ਹੋਈ।




ਗ੍ਰੌਗਨ ਨੇ ਦੱਸਿਆ ਕਿ ਉਸ ਨੂੰ ਬਚਾਉਣ ਦੀਆਂ ਸਾਰੀਆਂ ਕੋਸ਼ਿਸ਼ਾਂ ਨਾਕਾਮ ਹੋ ਗਈਆਂ।

ਪੁਲਿਸ ਨੇ ਦੱਸਿਆ ਕਿ ਇਸ ਉਮਰ ਦੇ ਹੀ ਇੱਕ ਲੜਕੇ ਨੂੰ ਕਤਲ ਦੇ ਸ਼ੱਕ ਵਿੱਚ ਗ੍ਰਿਫਤਾਰ ਕੀਤਾ ਗਿਆ ਹੈ ਤੇ ਉਹ ਅਜੇ ਵੀ ਹਿਰਾਸਤ ਵਿੱਚ ਹੀ ਹੈ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਫੋਰੈਂਸਿਕ ਟੀਮ ਵੀ ਉੱਥੇ ਕੰਮ ਕਰ ਰਹੀ ਹੈ ਜਿੱਥੇ ਛੁਰੇਬਾਜ਼ੀ ਦੀ ਘਟਨਾ ਵਾਪਰੀ।

## ਸ਼ੈਪਰਡ-ਯੰਗ ਸਟੇਸ਼ਨ ਉੱਤੇ ਸਬਵੇਅ ਟਰੇਨ ਵਿੱਚ ਈ-ਬਾਈਕ ਨੂੰ ਲੱਗੀ ਅੱਗ

ਟੋਰਾਂਟੋ, 1 ਜਨਵਰੀ (ਪੋਸਟ ਬਿਊਰੋ): ਐਤਵਾਰ ਦੁਪਹਿਰ ਨੂੰ ਸ਼ੈਪਰਡ ਯੰਗ ਸਬਵੇਅ ਸਟੇਸ਼ਨ ਉੱਤੇ ਸਬਵੇਅ ਟਰੇਨ ਉੱਤੇ ਮੌਜੂਦ ਇੱਕ ਈ-ਬਾਈਕ ਨੂੰ ਅੱਗ ਲੱਗ ਗਈ।

ਦੁਪਹਿਰੇ 3:00 ਵਜੇ ਲੱਗੀ ਇਸ ਅੱਗ ਦੀ ਜਾਣਕਾਰੀ ਮਿਲਣ ਤੋਂ ਬਾਅਦ ਪੁਲਿਸ ਤੇ ਫਾਇਰਫਾਈਟਰ ਮੌਕੇ ਉੱਤੇ ਪਹੁੰਚੇ। ਈ-ਬਾਈਕ ਟਰੇਨ ਦੀ ਪਹਿਲੀ ਬੋਗੀ ਵਿੱਚ ਖੜ੍ਹੀ ਸੀ, ਜਿਸ ਨੂੰ ਅੱਗ ਲੱਗੀ ਸੀ। ਫਿਰ ਉਸ ਈ-ਬਾਈਕ ਨੂੰ ਪਲੇਟਫਾਰਮ ਉੱਤੇ ਕੱਢਿਆ ਗਿਆ ਤੇ ਸਟੇਸ਼ਨ ਖਾਲੀ ਕਰਵਾਇਆ ਗਿਆ। ਈ-ਬਾਈਕ ਦੇ ਮਾਲਕ, ਜੋ ਕਿ ਆਪਣੇ 30ਵਿਆਂ ਵਿੱਚ ਸੀ, ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਇਸ ਘਟਨਾ ਵਿੱਚ ਉਸ ਦੇ ਹੱਥ ਝੁਲਸ ਗਏ। ਪੈਰਾਮੈਡਿਕਸ ਨੇ ਦੱਸਿਆ ਕਿ ਇੱਕ ਹੋਰ ਵਿਅਕਤੀ ਨੂੰ ਗੰਭੀਰ ਪਰ ਸਥਿਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਕਿਸੇ



ਹੋਰ ਦੇ ਜ਼ਖ਼ਮੀ ਹੋਣ ਦੀ ਖਬਰ ਨਹੀਂ ਹੈ।

ਟੋਰਾਂਟੋ ਡਿਸਟ੍ਰਿਕਟ ਫਾਇਰ ਚੀਫ ਮਾਈਕਲ ਐਨਸੀਓ ਨੇ ਆਖਿਆ ਕਿ ਨੁਕਸਾਨੀਆਂ ਗਈਆਂ ਲੀਥੀਅਮ ਇਓਨ ਬੈਟਰੀਆਂ ਦੇ ਅੱਗ ਫੜ੍ਹਨ ਦੇ ਮਾਮਲੇ ਆਮ ਹਨ ਤੇ ਟੋਰਾਂਟੋ ਫਾਇਰ ਅਜਿਹੀਆਂ ਬੈਟਰੀਆਂ ਦੀ ਅੱਗ ਉੱਤੇ ਕਾਬੂ ਪਾਉਣ ਲਈ ਕਈ ਤਰ੍ਹਾਂ ਦੀਆਂ ਤਕਨੀਕਾਂ ਉੱਤੇ ਕੰਮ ਕਰ ਰਹੀ ਹੈ। ਇਨ੍ਹਾਂ ਬੈਟਰੀਆਂ ਨੂੰ ਲੱਗੀ ਅੱਗ ਉੱਤੇ ਕਾਬੂ ਪਾਉਣਾ ਕਾਫੀ ਮੁਸ਼ਕਲ ਹੈ। ਸ਼ੈਪਰਡ ਯੰਗ ਤੇ ਬੇਅਵਿਊ ਸਟੇਸ਼ਨਾਂ ਉੱਤੇ ਨਿਯਮਿਤ ਸੇਵਾ ਮੁੜ ਚਾਲੂ ਹੋ ਗਈ।

## ਨਾਈਟਕਲੱਬ ਦੇ ਬਾਹਰ ਚੱਲੀ ਗੋਲੀ ਕਾਰਨ 19 ਸਾਲਾ ਲੜਕੀ ਦੀ ਹੋਈ ਮੌਤ

ਮਿਸੀਸਾਗਾ, 1 ਜਨਵਰੀ (ਪੋਸਟ ਬਿਊਰੋ): ਮਿਸੀਸਾਗਾ ਦੇ ਨਾਈਟਕਲੱਬ ਵਿੱਚ ਚੱਲੀ ਗੋਲੀ ਕਾਰਨ ਇੱਕ 19 ਸਾਲਾ ਲੜਕੀ ਦੀ ਮੌਤ ਹੋ ਗਈ।

ਪੀਲ ਪੁਲਿਸ ਨੇ ਦੱਸਿਆ ਕਿ ਐਤਵਾਰ ਸਵੇਰੇ 1:30 ਵਜੇ ਤੋਂ ਬਾਅਦ ਉਨ੍ਹਾਂ ਨੂੰ




ਡਿਕਸੀ ਰੋਡ ਤੇ ਐਗਲਿੰਟਨ ਐਵਨਿਊ ਈਸਟ ਇਲਾਕੇ ਵਿੱਚ ਗੋਲੀ ਚੱਲਣ ਦੀ ਖਬਰ ਮਿਲੀ, ਜਿਸ ਮਗਰੋਂ ਉਹ ਮੌਕੇ ਉੱਤੇ ਪਹੁੰਚੇ। ਇੱਥੇ ਚੱਲੀ ਗੋਲੀ ਕਾਰਨ ਇੱਕ 19 ਸਾਲਾ ਲੜਕੀ ਜ਼ਖ਼ਮੀ ਹੋ ਗਈ, ਜਿਸ ਨੂੰ ਹਸਪਤਾਲ ਲਿਜਾਇਆ ਗਿਆ ਪਰ ਉੱਥੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

ਪੁਲਿਸ ਦੀ ਤਰਜ਼ਮਾਨ ਕਾਂਸਟੇਬਲ ਮਨਦੀਪ ਖੱਟੜਾ ਨੇ ਆਖਿਆ ਕਿ ਇਹ ਲੜਕੀ ਨਾਈਟਕਲੱਬ ਦੇ ਬਾਹਰ ਸਾਈਡਵਾਕ ਉੱਤੇ ਖੜ੍ਹੀ ਸੀ ਜਦੋਂ ਗੋਲੀ ਉਸ ਨੂੰ ਵੱਜੀ। ਅਜੇ ਤੱਕ ਕਿਸੇ ਮਸ਼ਕੂਕ ਸਬੰਧੀ ਕੋਈ ਵੇਰਵੇ ਜਾਰੀ ਨਹੀਂ ਕੀਤੇ ਗਏ ਹਨ। ਪੁਲਿਸ ਦਾ ਕਹਿਣਾ ਹੈ ਕਿ ਜਨਤਾ ਨੂੰ ਕੋਈ ਖਤਰਾ ਨਹੀਂ ਹੈ ਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਘਰ ਵਿੱਚ ਹੋਇਆ ਜ਼ਬਰਦਸਤ ਧਮਾਕਾ, 4 ਹਲਾਕ 2 ਜ਼ਖ਼ਮੀ

ਡਿਟਰੌਇਟ, 1 ਜਨਵਰੀ (ਪੋਸਟ ਬਿਊਰੋ): ਸ਼ਨਿੱਚਰਵਾਰ ਨੂੰ ਮਿਸ਼ੀਗਨ ਦੇ ਇੱਕ ਘਰ ਵਿੱਚ ਹੋਏ ਧਮਾਕੇ ਵਿੱਚ ਚਾਰ ਵਿਅਕਤੀ ਮਾਰੇ ਗਏ ਜਦਕਿ ਦੋ ਹੋਰ ਜ਼ਖ਼ਮੀ ਹੋ ਗਏ। ਧਮਾਕਾ ਐਨਾ ਜ਼ਬਰਦਸਤ ਸੀ ਕਿ ਇਸ ਨੂੰ ਕਈ ਮੀਲ ਦੀ ਦੂਰੀ ਤੱਕ ਸੁਣਿਆ ਗਿਆ।

ਇਹ ਧਮਾਕਾ ਡਿਟਰੌਇਟ ਤੋਂ 45 ਮੀਲ ਪੱਛਮ ਵੱਲ ਨੌਰਥਫੀਲਡ ਟਾਊਨਸ਼ਿਪ ਵਿੱਚ ਦੁਪਹਿਰੇ 4:00 ਵਜੇ ਤੋਂ ਪਹਿਲਾਂ ਹੋਇਆ। ਨੌਰਥਫੀਲਡ ਟਾਊਨਸ਼ਿਪ ਪੁਲਿਸ ਦੇ ਲੈਫਟੀਨੈਂਟ ਡੇਵਿਡ ਪਾਵੇਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਧਮਾਕੇ ਵਿੱਚ ਸਾਰਾ ਘਰ ਤਬਾਹ ਹੋ ਗਿਆ ਬੱਸ ਬੇਸਮੈਂਟ ਰਹਿ ਗਈ।

ਇਹ ਧਮਾਕਾ 9 ਮੀਲ ਦੀ ਦੂਰੀ



ਤੱਕ ਸੁਣਾਈ ਦਿੱਤਾ ਤੇ ਇਸ ਦਾ ਮਲਬਾ ਹਾਈਵੇਅ ਦੇ ਦੋਵਾਂ ਪਾਸਿਆਂ ਉੱਤੇ ਖਿੱਲਰ ਗਿਆ। ਪਾਵੇਲ ਨੇ ਦੱਸਿਆ ਕਿ ਨੇੜਲੇ ਘਰਾਂ ਨੂੰ ਕੋਈ ਨੁਕਸਾਨ ਨਹੀਂ ਪਹੁੰਚਿਆ। ਧਮਾਕੇ ਸਮੇਂ ਘਰ ਵਿੱਚ ਛੇ ਲੋਕ ਮੌਜੂਦ ਸਨ, ਜਿਨ੍ਹਾਂ ਵਿੱਚੋਂ ਚਾਰ ਦੀ ਮੌਤ ਹੋ ਗਈ ਜਦਕਿ ਦੋ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਪੁਲਿਸ ਨੂੰ ਅਜੇ ਇਹ ਨਹੀਂ ਪਤਾ ਲੱਗ ਸਕਿਆ ਕਿ ਘਰ ਵਿੱਚ ਮੌਜੂਦ ਸਾਰੇ ਲੋਕ ਇੱਕ ਦੂਜੇ ਨਾਲ ਸਬੰਧਤ ਸਨ ਜਾਂ ਨਹੀਂ।

ਅਧਿਕਾਰੀਆਂ ਵੱਲੋਂ ਧਮਾਕੇ ਦੇ ਕਾਰਨਾਂ ਦੀ ਜਾਣਕਾਰੀ ਨਹੀਂ ਦਿੱਤੀ ਗਈ ਹੈ।

NOW HIRING !!!
ALLKIND INSURANCE
•Life Insurance •Critical illness Ins •Travel & Visitor Ins •RESP & TFSA & RRSP
•Super Visa Insurance •Mortgage Insurance •Disability Insurance •Funeral Insurance
SIMRAN SAINI 416.994.7272
www.allkindinsurance.com

MagGas Medical Brampton
MGM MAGGAS MEDICAL INC. Helping you breathe deep and rest easy.
• CPAP ਮਸ਼ੀਨਾਂ, ਮਾਸਕ ਅਤੇ ਸਪਲਾਈ
• ਮੁਫ਼ਤ ਸਲਾਹ
• ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
• ਓਨਟਾਰੀਓ ਵਰਕਸ ਲਈ ਮੁਫ਼ਤ
• ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15 Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ | Best Rates For Lessons
ਮੁਫਤ ਪਿਕਅਪ ਅਤੇ ਡਰਾਪ ਆਫ
ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

PEST PROBLEM ? Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill Certified & Licenced Exterminator

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma Open Saturday
Providing excellent quality legal services to our clients

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration | Real Estate
Family Law | Business Closing
Corporate | Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps •Cockroaches •Carpenter Ants •Silver Fish •Racoons
Call : PARESH PATEL (Government Approved Licensed Technician)
416 938 4598

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre 25
Cell: 416-841-4218 Tel: 905-216-5563
Avon Financial Inc. Brokerage Lic. 12538
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਨਵਾਂ ਸਾਲ ਤਾਂ ਵੇਖ ਲਿਆ ਫੇਰ ਚੜ੍ਹਿਆ,
ਜੀਵਨ ਤੋਰ ਦਾ ਕੋਈ ਨਹੀਂ ਫਰਕ ਬੇਲੀ।
ਇੱਕਨਾਂ ਕੋਲ ਆ ਮਾਇਆ ਦੇ ਢੇਰ ਵੱਡੇ,
ਇੱਕਨਾਂ ਪੱਲੇ ਹੰਢਾਉਣਾ ਹੈ ਨਰਕ ਬੇਲੀ।
ਇੱਕ ਨੇ ਗੱਪਾਂ ਨਾਲ ਬੁੱਧੂ ਬਣਾਈ ਜਾਂਦੇ,
ਇੱਕ ਨੇ ਗੱਲ ਕਰਦੇ ਨਾਲ ਤਰਕ ਬੇਲੀ।
ਇੱਕ ਦੀ ਜ਼ਿੰਦਗੀ ਦੌੜਦੀ ਹਿਰਨ ਵਾਂਗੂ,
ਇੱਕ ਦੀ ਜਾਪਦੀ ਰਹੀ ਹੈ ਸਰਕ ਬੇਲੀ।
ਦਿਨ, ਮਹੀਨੇ, ਫਿਰ ਲੰਘਦੇ ਸਾਲ ਜਾਂਦੇ,
ਚੜ੍ਹਦਾ ਏ ਸਾਲ ਪਿੱਛੋਂ ਸਾਲ ਹੋਰ ਬੇਲੀ।
ਚੰਦ, ਸੂਰਜ ਨਹੀਂ ਬਦਲਦੇ ਤੋਰ ਜਿੰਦਾਂ,
ਬਦਲਦੀ ਦਿੱਸੇ ਨਾ ਜ਼ਿੰਦਗੀ ਤੋਰ ਬੇਲੀ।

**ਤੀਸ ਮਾਰ ਖਾਂ**

# 52 ਸਾਲ ਰਾਜ ਤੋਂ ਬਾਅਦ ਡੈਨਮਾਰਕ ਦੀ ਮਹਾਰਾਣੀ ਮਾਰਗ੍ਰੇਥ-2 ਛੱਡੇਗੀ ਅਹੁਦਾ



ਕੋਪਨਹੇਗਨ, 1 ਜਨਵਰੀ (ਪੋਸਟ ਬਿਊਰੋ): ਡੈਨਮਾਰਕ ਦੀ ਮਹਾਰਾਣੀ ਮਾਰਗ੍ਰੇਥ-2 ਨੇ ਐਤਵਾਰ ਦੇਰ ਰਾਤ ਅਹੁਦਾ ਛੱਡਣ ਦਾ ਐਲਾਨ ਕੀਤਾ। ਆਪਣੇ ਨਵੇਂ ਸਾਲ ਦੇ ਸੰਬੋਧਨ ਵਿੱਚ, ਉਨ੍ਹਾਂ ਨੇ ਕਿਹਾ ਕਿ ਉਹ ਇਸ ਮਹੀਨੇ 14 ਜਨਵਰੀ ਨੂੰ ਆਪਣਾ ਅਹੁਦਾ ਛੱਡ ਦੇਣਗੇ। ਉਹ ਆਪਣੇ ਪੁੱਤਰ, ਕ੍ਰਾਊਨ ਪ੍ਰਿੰਸ ਫਰੈਡਰਿਕ ਆਂਦਰੇ ਹੇਨਰਿਕ ਨੂੰ ਗੱਦੀ ਸੌਂਪੇਗੀ।

ਮਹਾਰਾਣੀ ਮਾਰਗ੍ਰੇਥ ਨੇ ਆਪਣੇ ਪਿਤਾ ਰਾਜਾ ਫਰੈਡਰਿਕ 9 ਦੀ ਮੌਤ ਤੋਂ ਬਾਅਦ 14 ਜਨਵਰੀ 1972 ਨੂੰ ਗੱਦੀ ਸੰਭਾਲੀ। ਉਹ 52 ਸਾਲਾਂ ਬਾਅਦ ਇਹ ਅਹੁਦਾ ਛੱਡ ਰਹੇ ਹਨ। ਬ੍ਰਿਟੇਨ ਦੀ ਮਹਾਰਾਣੀ ਐਲਿਜ਼ਾਬੈਥ ਤੋਂ ਬਾਅਦ, ਮਹਾਰਾਣੀ ਮਾਰਗ੍ਰੇਥ2 ਨੂੰ ਯੂਰਪ ਵਿੱਚ ਸਭ ਤੋਂ ਲੰਬੇ ਸਮੇਂ ਤੱਕ ਰਾਜ ਕਰਨ ਵਾਲੀ ਦੂਜੀ ਸ਼ਾਸਕ ਵਜੋਂ ਜਾਣਿਆ ਜਾਂਦਾ ਹੈ।

83 ਸਾਲਾ ਮਹਾਰਾਣੀ ਮਾਰਗ੍ਰੇਥ ਦੀ ਫਰਵਰੀ 2023 ਵਿੱਚ ਪਿੱਠ ਦੀ ਸਰਜਰੀ ਹੋਈ ਸੀ। ਇਸ ਤੋਂ ਬਾਅਦ ਉਨ੍ਹਾਂ ਦੇ ਦਿਮਾਗ ਵਿਚ ਅਹੁਦਾ ਛੱਡਣ ਦਾ ਖਿਆਲ ਆਇਆ। ਲੋਕਾਂ ਨੂੰ ਸੰਬੋਧਿਤ ਕਰਦੇ ਹੋਏ ਉਨ੍ਹਾਂ ਕਿਹਾ ਕਿ ਪਿੱਠ ਦੀ ਸਰਜਰੀ ਤੋਂ ਬਾਅਦ ਮੈਨੂੰ ਭਵਿੱਖ ਬਾਰੇ ਸੋਚਣ ਦਾ ਸਮਾਂ ਮਿਲਿਆ ਹੈ। ਮੈਨੂੰ ਮਹਿਸੂਸ ਹੋਣ ਲੱਗਾ ਕਿ ਹੁਣ ਤਾਜ ਦੀ ਜ਼ਿੰਮੇਵਾਰੀ ਆਪਣੇ ਪੁੱਤਰ ਨੂੰ ਸੌਂਪਣ ਦਾ ਸਮਾਂ ਆ ਗਿਆ ਹੈ। ਮੈਂ ਫੈਸਲਾ ਕੀਤਾ ਹੈ ਕਿ 14 ਜਨਵਰੀ 2024 ਅਹੁਦਾ ਛੱਡਣ ਅਤੇ ਆਪਣੇ ਪੁੱਤਰ ਨੂੰ ਜ਼ਿੰਮੇਵਾਰੀ ਸੌਂਪਣ ਦਾ ਸਹੀ ਸਮਾਂ ਹੋਵੇਗਾ।

# ਸੀਨੀਅਰ ਆਈ.ਏ.ਐੱਸ. ਅਧਿਕਾਰੀ ਵਿਜੋਏ ਕੁਮਾਰ ਸਿੰਘ ਨੇ ਮੁੱਖ ਮੰਤਰੀ ਦੇ ਵਿਸ਼ੇਸ਼ ਮੁੱਖ ਸਕੱਤਰ ਵਜੋਂ ਅਹੁਦਾ ਸੰਭਾਲਿਆ

## ਲੋਕਾਂ ਨੂੰ ਸਾਫ-ਸੁਥਰਾ, ਅਸਰਦਾਰ, ਪਾਰਦਰਸ਼ੀ ਅਤੇ ਜੁਆਬਦੇਹੀ ਵਾਲਾ ਸ਼ਾਸਨ ਮੁਹੱਈਆ ਕਰਵਾਉਣਾ ਪ੍ਰਮੁੱਖ ਤਰਜੀਹ : ਵਿਸ਼ੇਸ਼ ਮੁੱਖ ਸਕੱਤਰ



ਚੰਡੀਗੜ੍ਹ, 1 ਜਨਵਰੀ (ਪੋਸਟ ਬਿਊਰੋ): ਸੀਨੀਅਰ ਆਈ.ਏ.ਐੱਸ. ਅਧਿਕਾਰੀ ਸ੍ਰੀ ਵਿਜੋਏ ਕੁਮਾਰ ਸਿੰਘ ਨੇ ਅੱਜ ਸੂਬਾ ਸਰਕਾਰ ਦੇ ਸੀਨੀਅਰ ਅਧਿਕਾਰੀਆਂ ਦੀ ਹਾਜ਼ਰੀ ਵਿਚ ਮੁੱਖ ਮੰਤਰੀ ਦੇ ਵਿਸ਼ੇਸ਼ ਮੁੱਖ ਸਕੱਤਰ ਵਜੋਂ ਅਹੁਦਾ ਸੰਭਾਲਿਆ।

ਅਹੁਦਾ ਸੰਭਾਲਣ ਉਪਰੰਤ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਦੇ ਵਿਸ਼ੇਸ਼ ਮੁੱਖ ਸਕੱਤਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀਆਂ ਲੋਕ ਪੱਖੀ ਅਤੇ ਵਿਕਾਸ ਮੁਖੀ ਨੀਤੀਆਂ ਦਾ ਲਾਭ ਹੇਠਲੇ ਪੱਧਰ ਤੱਕ ਪਹੁੰਚਾਉਣਾ ਉਨ੍ਹਾਂ ਦੀ ਪ੍ਰਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਾਫ-ਸੁਥਰਾ, ਅਸਰਦਾਇਕ, ਪ੍ਰਭਾਵਸ਼ਾਲੀ, ਪਾਰਦਰਸ਼ੀ ਅਤੇ ਜੁਆਬਦੇਹੀ ਵਾਲਾ ਸ਼ਾਸਨ ਮੁਹੱਈਆ ਕਰਵਾਉਣ ’ਤੇ ਜ਼ੋਰ ਦਿੱਤਾ ਜਾਵੇਗਾ। ਵਿਜੋਏ ਕੁਮਾਰ ਸਿੰਘ ਨੇ ਕਿਹਾ ਕਿ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਨੇ ਅਧਿਕਾਰੀਆਂ ਨੂੰ ਕਿਹਾ ਕਿ ਸੂਬਾ ਸਰਕਾਰ ਦੀਆਂ ਸਕੀਮਾਂ ਦਾ ਲਾਭ ਲੋਕਾਂ ਨੂੰ ਮਿਲਣਾ ਯਕੀਨੀ ਬਣਾਇਆ ਜਾਵੇ। ਵਿਸ਼ੇਸ਼ ਮੁੱਖ ਸਕੱਤਰ ਨੇ ਕਿਹਾ ਕਿ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਤਹਿਤ ਸਿੱਖਿਆ, ਸਿਹਤ, ਰੋਜ਼ਗਾਰ, ਸਨਅਤੀ ਵਿਕਾਸ ਅਤੇ ਹੋਰ ਸਬੰਧਤ ਖੇਤਰਾਂ ਵੱਲ ਵਧੇਰੇ ਧਿਆਨ ਦਿੱਤਾ ਜਾਵੇਗਾ। ਉਨ੍ਹਾਂ ਨੇ ਨਾਗਰਿਕ ਕੇਂਦਰਿਤ ਸੇਵਾਵਾਂ ਦਾ ਲਾਭ ਨਿਰਧਾਰਤ ਸਮੇਂ ਦੇ ਅੰਦਰ ਲੋਕਾਂ ਤੱਕ ਪਹੁੰਚਾਉਣ ਨੂੰ ਯਕੀਨੀ ਬਣਾਉਣ ਲਈ ਆਖਿਆ। ਵਿਜੋਏ ਕੁਮਾਰ ਸਿੰਘ ਨੇ ਅੱਗੇ ਕਿਹਾ ਕਿ ਸਿਵਲ, ਪੁਲਿਸ ਅਤੇ ਹੋਰ ਵਿਭਾਗਾਂ ਦਰਮਿਆਨ ਬਿਹਤਰ ਤਾਲਮੇਲ ਵੀ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਜੋ ਸਰਹੱਦੀ ਸੂਬੇ ਦੇ ਵਡੇਰੇ ਹਿੱਤ ਵਿਚ ਹੈ। ਮੁੱਖ ਮੰਤਰੀ ਦੇ ਵਿਸ਼ੇਸ਼ ਮੁੱਖ ਸਕੱਤਰ ਨੇ ਅਹੁਦਾ ਸੰਭਾਲਣ ਲਈ ਵਧਾਈ ਦੇਣ ਪਹੁੰਚੇ ਅਧਿਕਾਰੀਆਂ ਨੂੰ ਆਪਣੀ ਡਿਊਟੀ ਹੋਰ ਵਧੇਰੇ ਮਿਹਨਤ ਤੇ ਸ਼ਿੱਦਤ ਨਾਲ ਕਰਨ ਲਈ ਕਿਹਾ ਤਾਂ ਕਿ ਲੋਕਾਂ ਨੂੰ ਵੱਧ ਤੋਂ ਵੱਧ ਲਾਭ ਮਿਲ ਸਕੇ।

ਦੱਸਣਯੋਗ ਹੈ ਕਿ ਵਿਸ਼ੇਸ਼ ਮੁੱਖ ਸਕੱਤਰ ਜੋ ਭਾਰਤੀ ਪ੍ਰਸ਼ਾਸਨਿਕ ਸੇਵਾ ਦੇ ਸੀਨੀਅਰ ਅਧਿਕਾਰੀ ਹਨ, ਨੇ ਸੂਬਾ ਅਤੇ ਕੇਂਦਰ ਸਰਕਾਰਾਂ ਵਿੱਚ ਵੱਖ-ਵੱਖ ਅਹੁਦਿਆਂ ਉਤੇ ਜ਼ਿੰਮੇਵਾਰੀ ਨਿਭਾਈ ਹੈ। ਸਾਲ 1990 ਬੈਚ ਦੇ ਆਈ.ਏ.ਐੱਸ. ਅਧਿਕਾਰੀ ਭਾਰਤ ਸਰਕਾਰ ਵਿੱਚ ਪ੍ਰਸੋਨਲ ਤੇ ਟ੍ਰੇਨਿੰਗ ਵਿਭਾਗ ਵਿਚ ਸੰਯੁਕਤ ਸਕੱਤਰ, ਟੈਕਸਟਾਈਲ ਮੰਤਰਾਲੇ ਵਿਚ ਵਿਸ਼ੇਸ਼ ਸਕੱਤਰ, ਰੱਖਿਆ ਮੰਤਰਾਲੇ ਦੇ ਸਾਬਕਾ ਸੈਨਿਕਾਂ ਦੀ ਭਲਾਈ ਬਾਰੇ ਵਿਭਾਗ ਵਿਚ ਸਕੱਤਰ ਦੇ ਅਹੁਦੇ ਉਤੇ ਕੰਮ ਕੀਤਾ ਹੈ। ਉਨ੍ਹਾਂ ਨੂੰ ਜਨਤਕ ਸੇਵਾ ਪ੍ਰਤੀ ਸਰਗਰਮ ਅਤੇ ਜੁਆਬਦੇਹੀ ਵਾਲੀ ਪਹੁੰਚ ਰੱਖਣ ਵਾਲੇ ਅਧਿਕਾਰੀ ਵਜੋਂ ਜਾਣਿ-ਆ ਜਾਂਦਾ ਹੈ।

# ਦੋ ਗੱਡੀਆਂ ਦੀ ਟੱਕਰ ਵਿੱਚ 1 ਹਲਾਕ, 3 ਜ਼ਖ਼ਮੀ

ਕੇਲਡਨ, 1 ਜਨਵਰੀ (ਪੋਸਟ ਬਿਊਰੋ) : ਕੇਲਡਨ ਵਿੱਚ ਦੋ ਗੱਡੀਆਂ ਦੇ ਆਪਸ ਵਿੱਚ ਟਕਰਾ ਜਾਣ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ ਤੇ ਤਿੰਨ ਹੋਰ ਜ਼ਖ਼ਮੀ ਹੋ ਗਏ।

ਐਤਵਾਰ ਸਵੇਰੇ ਮੇਅਫੀਲਡ ਰੋਡ ਦੇ ਉੱਤਰ ਵੱਲ ਕੈਨੇਡੀ ਰੋਡ ਉੱਤੇ ਦੋ ਗੱਡੀਆਂ ਆਪਸ ਵਿੱਚ ਟਕਰਾ ਗਈਆਂ। ਕੈਨੇਡੀ ਰੋਡ ਨੂੰ ਥੋੜ੍ਹੀ ਦੇਰ ਲਈ ਬੰਦ ਕਰ ਦਿੱਤਾ ਗਿਆ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਇਸ ਸਬੰਧ ਵਿੱਚ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਰੱਖਣ ਵਾਲੇ ਨੂੰ ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ ਨਾਲ ਸੰਪਰਕ ਕਰਨ ਲਈ ਆਖਿਆ ਗਿਆ ਹੈ।

# ਮੁੱਖ ਮੰਤਰੀ ਵਲੋਂ ਸਾਲ 2024 ਦਾ ਪੰਜਾਬ ਸਰਕਾਰ ਦਾ ਕੈਲੰਡਰ ਅਤੇ ਡਾਇਰੀ ਜਾਰੀ



ਚੰਡੀਗੜ੍ਹ, 1 ਜਨਵਰੀ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਸਵੇਰੇ ਆਪਣੇ ਗ੍ਰਹਿ ਵਿਖੇ ਸਾਲ 2024 ਲਈ ਪੰਜਾਬ ਸਰਕਾਰ ਦੀ ਡਾਇਰੀ ਅਤੇ ਕੈਲੰਡਰ ਜਾਰੀ ਕੀਤਾ।

ਇਹ ਜਾਣਕਾਰੀ ਦਿੰਦਿਆਂ ਅੱਜ ਇੱਥੇ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਕੈਲੰਡਰ ਅਤੇ ਡਾਇਰੀ ਦਾ ਖਾਕਾ ਸੂਚਨਾ ਅਤੇ ਲੋਕ ਸੰਪਰਕ ਵਿਭਾਗ ਵੱਲੋਂ ਡਿਜ਼ਾਇਨ ਅਤੇ ਤਿਆਰ ਕੀਤਾ ਗਿਆ ਹੈ ਅਤੇ ਕੰਟਰੋਲਰ ਪ੍ਰਿੰਟਿੰਗ ਐਂਡ ਸਟੇਸ਼ਨਰੀ ਪੰਜਾਬ ਵੱਲੋਂ ਛਾਪਿਆ ਗਿਆ ਹੈ।

ਇਸ ਦੌਰਾਨ ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜੇਮਾਜਰਾ ਨੇ ਦੱਸਿਆ ਕਿ ਕਈ ਸਾਲਾਂ ਬਾਅਦ ਸਾਲ ਦੇ ਪਹਿਲੇ ਦਿਨ ਡਾਇਰੀ ਅਤੇ ਕੈਲੰਡਰ ਜਾਰੀ ਕੀਤਾ ਗਿਆ ਹੈ।

ਇਸ ਮੌਕੇ ਮੁੱਖ ਸਕੱਤਰ ਅਨੁਰਾਗ ਵਰਮਾ, ਮੁੱਖ ਮੰਤਰੀ ਦੇ ਵਿਸ਼ੇਸ਼ ਮੁੱਖ ਸਕੱਤਰ ਵਿਜੋਏ ਕੁਮਾਰ ਸਿੰਘ, ਸਕੱਤਰ ਸੂਚਨਾ ਤੇ ਲੋਕ ਸੰਪਰਕ ਮਾਲਵਿੰਦਰ ਸਿੰਘ ਜੱਗੀ, ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਡਾਇਰੈਕਟਰ ਭੁਪਿੰਦਰ ਸਿੰਘ ਤੇ ਹੋਰ ਹਾਜ਼ਰ ਸਨ।

# ਹਾਂਗਕਾਂਗ ਤੋਂ ਮੁੰਬਈ ਆ ਰਹੇ ਜਹਾਜ਼ ਨੂੰ ਮੈਡੀਕਲ ਐਮਰਜੈਂਸੀ ਕਾਰਨ ਬੈਂਕਾਕ ਵੱਲ ਮੋੜਿਆ



ਮੁੰਬਈ, 1 ਜਨਵਰੀ (ਪੋਸਟ ਬਿਊਰੋ): ਪਿਛਲੇ ਐਤਵਾਰ, ਕੈਥੇ ਪੈਸੀਫਿਕ ਫਲਾਈਟ ਨੇ ਹਾਂਗਕਾਂਗ ਤੋਂ ਮੁੰਬਈ ਲਈ ਉਡਾਨ ਭਰੀ ਪਰ ਅਚਾਨਕ ਬੈਂਕਾਕ ਵੱਲ ਮੋੜਨਾ ਪਿਆ। ਏਅਰਲਾਈਨ ਵੱਲੋਂ ਜਾਰੀ ਬਿਆਨ ਮੁਤਾਬਕ ਅਜਿਹਾ ਇਕ ਯਾਤਰੀ ਦੀ ਮੈਡੀਕਲ ਐਮਰਜੈਂਸੀ ਕਾਰਨ ਕੀਤਾ ਗਿਆ। ਏਅਰਲਾਈਨ ਨੇ ਕਿਹਾ ਕਿ ਯਾਤਰੀ ਅਤੇ ਉਸਦੇ ਪਰਿਵਾਰ ਨੂੰ ਬੈਂਕਾਕ ਵਿੱਚ ਉਤਾਰਿਆ ਗਿਆ ਅਤੇ ਜਹਾਜ਼ ਨੇ ਇੱਕ ਵਾਰ ਫਿਰ ਆਪਣੀ ਮੰਜ਼ਿਲ ਲਈ ਉਡਾਨ ਭਰੀ।

ਏਅਰਲਾਈਨ ਨੇ ਕਿਹਾ ਕਿ ਹਾਂਗਕਾਂਗ ਤੋਂ ਮੁੰਬਈ ਆ ਰਹੇ 663 ਨੂੰ ਮੈਡੀਕਲ ਐਮਰਜੈਂਸੀ ਕਾਰਨ ਬੈਂਕਾਕ ਵੱਲ ਮੋੜ ਦਿੱਤਾ ਗਿਆ ਸੀ। "ਕੈਥੇ ਪੈਸੀਫਿਕ ਟੀਮ ਨੇ ਬੈਂਕਾਕ ਵਿੱਚ ਓਪਰੇਸ਼ਨ ਟੀਮ ਨਾਲ ਸੰਪਰਕ ਕੀਤਾ ਅਤੇ ਇਹ ਯਕੀਨੀ ਬਣਾਇਆ ਕਿ ਮੈਡੀਕਲ ਐਮਰਜੈਂਸੀ ਵਾਲੇ ਯਾਤਰੀ ਨੂੰ ਪਹੁੰਚਣ 'ਤੇ ਉਚਿਤ ਡਾਕਟਰੀ ਸਹਾਇਤਾ ਮਿਲੇ।" ਬੈਂਕਾਕ ਵਿੱਚ ਯਾਤਰੀ ਅਤੇ ਉਸਦੇ ਪਰਿਵਾਰ ਨੂੰ ਉਤਾਰਨ ਤੋਂ ਬਾਅਦ, ਜਹਾਜ਼ ਨੇ ਮੁੰਬਈ ਲਈ ਰਵਾਨਾ ਕੀਤਾ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ',
ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
➡ Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
➡ Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਮੁੱਖ ਮੰਤਰੀ ਭਵਮਤ ਮਾਨ ਨੇ ਕਿਹਾ: ਜਦੋਂ ਸਰਕਾਰਾਂ ਆਪਣੇ ਅਦਾਰੇ ਪ੍ਰਾਈਵੇਟ ਸੈਕਟਰ ਨੂੰ ਵੇਚ ਰਹੀਆਂ ਨੇ, ਉਦੋਂ ਪੰਜਾਬ ਸਰਕਾਰ ਨੇ ਪ੍ਰਾਈਵੇਟ ਥਰਮਲ ਪਲਾਂਟ ਖ਼ਰੀਦ ਕੇ ਇਤਿਹਾਸ ਸਿਰਜਿਆ



## ਨਵੇਂ ਸਾਲ ਦੇ ਤੋਹਫ਼ੇ ਤਹਿਤ ਪੰਜਾਬ ਨੇ ਹੁਣ ਤੱਕ ਦੀ ਸਭ ਤੋਂ ਘੱਟ ਕੀਮਤ ਉਤੇ ਖ਼ਰੀਦਿਆ ਥਰਮਲ ਪਲਾਂਟ

ਚੰਡੀਗੜ੍ਹ, 1 ਜਨਵਰੀ (ਗਿਆਨ ਸਿੰਘ): ਸੂਬਾ ਵਾਸੀਆਂ ਨੂੰ ਨਵੇਂ ਸਾਲ ਦਾ ਤੋਹਫ਼ਾ ਦਿੰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਨੂੰ ਆਖਿਆ ਕਿ ਪੰਜਾਬ ਨੇ 1080 ਕਰੋੜ ਰੁਪਏ ਦੀ ਲਾਗਤ ਨਾਲ ਪ੍ਰਾਈਵੇਟ ਕੰਪਨੀ ਜੀ.ਵੀ.ਕੇ. ਪਾਵਰ ਦੀ ਮਾਲਕੀ ਵਾਲਾ ਗੋਇੰਦਵਾਲ ਪਾਵਰ ਪਲਾਂਟ ਖ਼ਰੀਦ ਕੇ ਇਤਿਹਾਸ ਸਿਰਜਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਪਹਿਲੀ ਦਫ਼ਾ ਹੈ ਜਦੋਂ ਸਰਕਾਰ ਨੇ ਕੋਈ ਪ੍ਰਾਈਵੇਟ ਪਾਵਰ ਪਲਾਂਟ ਖ਼ਰੀਦ ਕੇ ਪੁੱਠਾ ਗੇੜ ਸ਼ੁਰੂ ਕੀਤਾ ਹੈ, ਜਦੋਂ ਕਿ ਪਿਛਲੇ ਸਮੇਂ ਵਿੱਚ ਸੂਬਾ ਸਰਕਾਰਾਂ ਆਪਣੇ ਚਹੇਤਿਆਂ ਨੂੰ ਨਿਗੂਣੀਆਂ ਕੀਮਤਾਂ ਉਤੇ ਸਰਕਾਰੀ ਅਦਾਰੇ ਵੇਚਣ ਦੀਆਂ ਆਦੀ ਸਨ। ਉਨ੍ਹਾਂ ਕਿਹਾ ਕਿ ਕਿਸੇ ਸੂਬਾ ਸਰਕਾਰ ਵੱਲੋਂ ਪਾਵਰ ਪਲਾਂਟ ਦਾ ਇਹ ਸਭ ਤੋਂ ਘੱਟ ਕੀਮਤ ਉਤੇ ਕੀਤਾ ਸਮਝੌਤਾ ਹੈ ਕਿਉਂਕਿ 600 ਮੈਗਾਵਾਟ ਦੀ ਸਮਰੱਥਾ ਵਾਲੇ ਕੋਰਬਾ ਵੈਸਟ, ਝਾਬੂਆ ਪਾਵਰ ਅਤੇ ਲੈਂਕੋ ਅਮਰਕੰਟਕ ਵਰਗੇ ਪਾਵਰ ਪਲਾਂਟ ਕ੍ਰਮਵਾਰ 1804 ਕਰੋੜ ਰੁਪਏ, 1910 ਕਰੋੜ ਅਤੇ 1818 ਕਰੋੜ ਰੁਪਏ ਵਿੱਚ ਖ਼ਰੀਦੇ ਗਏ। ਉਨ੍ਹਾਂ ਕਿਹਾ ਕਿ ਇਹ 540 ਮੈਗਾਵਾਟ ਦੀ ਸਮਰੱਥਾ ਵਾਲਾ ਪਾਵਰ ਪਲਾਂਟ ਦੋ ਕਰੋੜ ਰੁਪਏ ਪ੍ਰਤੀ ਮੈਗਾਵਾਟ ਦੇ ਹਿਸਾਬ ਨਾਲ ਖ਼ਰੀਦਿਆ ਗਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਕਿਸੇ ਪਾਵਰ ਪਲਾਂਟ ਲਈ ਹੁਣ ਤੱਕ ਦੀ ਸਭ ਤੋਂ ਘੱਟ ਕੀਮਤ ਹੈ, ਜਦੋਂ ਕਿ ਹੁਣ ਤੱਕ ਹੋਈਆਂ ਖ਼ਰੀਦਾਂ ਮੁਤਾਬਕ ਕੀਮਤ ਤਿੰਨ ਕਰੋੜ ਰੁਪਏ ਪ੍ਰਤੀ ਮੈਗਾਵਾਟ ਪਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਪਲਾਂਟ ਦਾ ਨਾਮ ਤੀਜੇ ਗੁਰੂ ਸਾਹਿਬ ਦੇ ਨਾਮ ਉਤੇ ਸ੍ਰੀ ਗੁਰੂ ਅਮਰਦਾਸ ਥਰਮਲ ਪਾਵਰ ਪਲਾਂਟ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਥਰਮਲ ਪਲਾਂਟ ਦੀ ਸਮਰੱਥਾ 61 ਫੀਸਦੀ ਸੀ, ਜਦੋਂ ਕਿ ਇਸ ਵਿੱਚੋਂ ਸਿਰਫ਼ 34 ਫੀਸਦੀ ਤੱਕ ਦੀ ਹੀ ਵਰਤੋਂ ਹੁੰਦੀ ਸੀ ਪਰ ਹੁਣ ਇਸ ਪਲਾਂਟ ਦੀ ਸਮਰੱਥਾ ਨੂੰ 75 ਤੋਂ 80 ਫੀਸਦੀ ਤੱਕ ਕੀਤਾ ਜਾਵੇਗਾ, ਜਿਸ ਨਾਲ ਸੂਬੇ ਵਿੱਚ ਬਿਜਲੀ ਪੈਦਾਵਾਰ ਵਿੱਚ ਵਾਧਾ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਨਾਲ ਬਿਜਲੀ ਖ਼ਰੀਦ ਸਮਝੌਤਿਆਂ ਵਿੱਚੋਂ 33 ਫੀਸਦੀ (ਪ੍ਰਾਈਵੇਟ ਥਰਮਲ ਪਲਾਂਟਾਂ ਨਾਲ ਹੋਏ ਤਿੰਨ ਸਮਝੌਤਿਆਂ ਵਿੱਚ ਇਕ) ਦੀ ਕਟੌਤੀ ਹੋ ਜਾਵੇਗੀ। ਭਗਵੰਤ ਸਿੰਘ ਮਾਨ ਨੇ ਵਿਅੰਗ ਕੀਤਾ ਕਿ ਪਹਿਲੀ ਜਨਵਰੀ 2018 ਨੂੰ ਬਠਿੰਡਾ ਤੇ ਰੋਪੜ ਦੇ ਸਰਕਾਰੀ ਪਾਵਰ ਪਲਾਂਟ ਪੱਕੇ ਤੌਰ ਉਤੇ ਬੰਦ ਕਰ ਦਿੱਤੇ ਗਏ ਸਨ ਪਰ ਅੱਜ ਲੋਕਪੱਖੀ ਸਰਕਾਰ ਨੇ ਸੂਬੇ ਵਿੱਚ ਬਿਜਲੀ ਸਪਲਾਈ ਵਧਾਉਣ ਲਈ ਪ੍ਰਾਈਵੇਟ ਪਾਵਰ ਪਲਾਂਟ ਖ਼ਰੀਦਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪਛਵਾੜਾ ਕੋਲਾ ਖਾਣ ਦਾ ਕੋਲਾ ਸਿਰਫ਼ ਸਰਕਾਰੀ ਬਿਜਲੀ ਪਲਾਂਟਾਂ ਲਈ ਵਰਤਿਆ ਜਾ ਸਕਦਾ ਹੈ। ਇਸ ਕਰ ਕੇ ਹੁਣ ਇਸ ਪਲਾਂਟ ਦੀ ਖ਼ਰੀਦ ਨਾਲ ਇਹ ਕੋਲਾ ਇੱਥੇ ਬਿਜਲੀ ਉਤਪਾਦਨ ਲਈ ਵਰਤਿਆ ਜਾ ਸਕੇਗਾ, ਜਿਸ ਨਾਲ ਸੂਬੇ ਦੇ ਹਰੇਕ ਖੇਤਰ ਨੂੰ ਬਿਜਲੀ ਮੁਹੱਈਆ ਹੋਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਖ਼ਰੀਦ ਸਮਝੌਤੇ ਨਾਲ ਬਿਜਲੀ ਦੀ ਦਰ ਵਿੱਚ ਪ੍ਰਤੀ ਯੂਨਿਟ ਇਕ ਰੁਪਏ ਦੀ ਕਟੌਤੀ ਕਰਨ ਵਿੱਚ ਮਦਦ ਮਿਲੇਗੀ, ਜਿਸ ਨਾਲ ਬਿਜਲੀ ਖ਼ਰੀਦ ਉਤੇ 300 ਤੋਂ 350 ਕਰੋੜ ਰੁਪਏ ਦੀ ਬੱਚਤ ਹੋਵੇਗੀ। ਇਸ ਨਾਲ ਸੂਬੇ ਦੇ ਖ਼ਪਤਕਾਰਾਂ ਨੂੰ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਪਛਵਾੜਾ ਕੋਲਾ ਖਾਣ ਤੋਂ ਕੋਲਾ ਮਿਲਣ ਕਾਰਨ ਬਿਜਲੀ ਦੀ ਉੱਚ ਪੈਦਾਵਾਰ (ਦੁੱਗਣੀ ਤੋਂ ਵੱਧ) ਕਰਨ ਵਿੱਚ ਮਦਦ ਮਿਲੇਗੀ ਕਿਉਂਕਿ ਪਲਾਂਟ ਲੋਡ ਫੈਕਟਰ ਹੁਣ ਤੱਕ ਦੇ ਔਸਤਨ 34 ਫੀਸਦੀ ਦੇ ਮੁਕਾਬਲੇ 75 ਤੋਂ 80 ਫੀਸਦੀ ਤੱਕ ਪੁੱਜਣ ਦੀ ਸੰਭਾਵਨਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨਾਲ ਪੰਜਾਬ ਦੇ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਖੁੱਲ੍ਹਣਗੇ, ਜਿਸ ਨਾਲ ਉਹ ਸੂਬੇ ਦੀ ਤਰੱਕੀ ਤੇ ਖ਼ੁਸ਼ਹਾਲੀ ਵਿੱਚ ਬਰਾਬਰ ਭਾਈਵਾਲ ਬਣਨਗੇ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ 540 ਮੈਗਾਵਾਟ (2270) ਦੀ ਸਮਰੱਥਾ ਵਾਲਾ ਗੋਇੰਦਵਾਲ ਪਲਾਂਟ ਦੇ ਪ੍ਰਾਜੈਕਟ ਦਾ ਵਿਚਾਰ ਸਾਲ 1992 ਵਿੱਚ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਸ਼ੁਰੂਆਤੀ ਤੌਰ ਉਤੇ 500 ਮੈਗਾਵਾਟ ਦੀ ਸਮਰੱਥਾ ਵਾਲੇ ਪਲਾਂਟ ਦਾ ਸਮਝੌਤਾ ਸਾਲ 2000 ਵਿੱਚ ਹੋਇਆ ਸੀ ਜਿਸ ਤੋਂ ਬਾਅਦ 540 ਮੈਗਾਵਾਟ ਦੀ ਸਮਰੱਥਾ ਵਾਲੇ ਪਲਾਂਟ ਲਈ ਐੱਮ.ਓ.ਯੂ. ਸਾਲ 2006 ਵਿੱਚ ਹੋਇਆ ਸੀ ਅਤੇ ਇਸ ਉਪਰੰਤ ਸਾਲ 2009 ਵਿੱਚ 540 ਮੈਗਾਵਾਟ ਲਈ ਸੋਧਿਆ ਹੋਇਆ ਬਿਜਲੀ ਖਰੀਦ ਸਮਝੌਤਾ ਹੋਇਆ ਸੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪ੍ਰਾਜੈਕਟ ਸਾਲ 2016 ਵਿੱਚ ਅਮਲ ਵਿੱਚ ਆਇਆ ਸੀ ਪਰ ਹੁਣ ਪੀ.ਐਸ.ਪੀ.ਸੀ.ਐਲ. ਨੇ 11 ਹੋਰ ਕੰਪਨੀਆਂ ਦੇ ਮੁਕਾਬਲੇ ਵਿੱਚ ਇਸ ਨੂੰ ਖਰੀਦ ਲਿਆ ਸੀ। ਇਨ੍ਹਾਂ 11 ਕੰਪਨੀਆਂ ਵਿੱਚ ਜਿੰਦਲ ਪਾਵਰ, ਅਦਾਨੀ ਪਾਵਰ, ਵੇਦਾਂਤਾ ਗਰੁੱਪ, ਰਸ਼ਮੀ ਮੈਟਾਲਿਕਸ, ਸ਼ੇਰੀਸ਼ਾ ਟੈਕਨਾਲੌਜਿਜ਼, ਸਾਈ ਵਰਧਾ ਪਾਵਰ, ਮੇਗਾ ਇੰਜਨੀਅਰਿੰਗ ਐਂਡ ਇਨਫ੍ਰਾਸਟਰੱਕਚਰ, ਇੰਡੀਆ ਕੋਕ ਐਂਡ ਪਾਵਰ ਪ੍ਰਾਈਵੇਟ ਲਿਮਟਡ, ਆਰ.ਕੇ.ਜੀ. ਫੰਡ (ਆਰ.ਕੇ.ਜੀ. ਟਰੱਸਟ), ਕੇ.ਐਲ.ਯੂ. ਰਿਸੋਰਸ ਅਤੇ ਕੈਪਰੀ ਗਲੋਬਲ ਹੋਲਡਿੰਗ ਐਂਡ ਪ੍ਰਾਈਵੇਟ ਲਿਮਟਡ ਨੇ ਫਰਵਰੀ, 2023 ਨੂੰ ਆਪਣੀਆਂ ਅਰਜ਼ੀਆਂ ਜਮ੍ਹਾਂ ਕਰਵਾਈਆਂ ਸਨ, ਜਿਸ ਤੋਂ ਬਾਅਦ ਆਖਰ ਵਿੱਚ ਪੀ.ਐਸ.ਪੀ.ਸੀ.ਐਲ ਨੇ ਇਸ ਨੂੰ ਖਰੀਦ ਲਿਆ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸਾਲ 2016-2023 ਦਰਮਿਆਨ ਸੂਬਾ ਸਰਕਾਰ ਨੇ ਇਸ ਪਲਾਂਟ ਤੋਂ 7902 ਕਰੋੜ ਰੁਪਏ ਅਦਾ ਕਰਕੇ 11165 ਮਿਲੀਅਨ ਯੂਨਿਟ ਬਿਜਲੀ ਖਰੀਦੀ ਸੀ। ਉਨ੍ਹਾਂ ਕਿਹਾ ਕਿ ਦੁੱਖ ਇਸ ਗੱਲ ਦਾ ਹੈ ਕਿ ਬਿਨਾਂ ਬਿਜਲੀ ਖਰੀਦੇ ਜੀ.ਵੀ.ਕੇ. ਥਰਮਲ ਪਲਾਂਟ ਨੂੰ 1718 ਕਰੋੜ ਅਦਾ ਕਰਨੇ ਪਏ। ਪਾਵਰ ਪਲਾਂਟ ਨੂੰ 7.08 ਰੁਪਏ ਪ੍ਰਤੀ ਔਸਤਨ ਯੂਨਿਟ ਮੁਤਾਬਕ ਅਦਾਇਗੀ ਕੀਤੀ ਗਈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਛਵਾੜਾ ਕੋਲ ਖਾਣ ਤੋਂ ਕੋਲੇ ਦੀ ਸਪਲਾਈ ਸ਼ੁਰੂ ਹੋਣ ਨਾਲ ਬਿਜਲੀ ਦੀ ਕੀਮਤ ਪ੍ਰਤੀ ਯੂਨਿਟ 4.50 ਰੁਪਏ ਪ੍ਰਤੀ ਯੂਨਿਟ ਹੋਵੇਗੀ ਜਿਸ ਨਾਲ ਸਾਲਾਨਾ 300-350 ਕਰੋੜ ਰੁਪਏ ਦੀ ਬੱਚਤ ਹੋਵੇਗੀ ਅਤੇ ਇਹ ਪੈਸਾ ਲੋਕਾਂ ਦੀ ਭਲਾਈ ਉਤੇ ਖਰਚਿਆ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ 31 ਦਸੰਬਰ ਤੱਕ ਪੀ.ਐਸ.ਪੀ.ਸੀ.ਐਲ. ਦੇ ਸਾਰੇ ਬਕਾਏ ਅਦਾ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਹ ਪਲਾਂਟ ਸਰਕਾਰ ਦੇ ਹੱਥਾਂ ਵਿੱਚ ਆਉਣ ਨਾਲ ਸੂਬੇ ਵਿੱਚ ਹੁਣ ਤਿੰਨ ਸਰਕਾਰੀ ਅਤੇ ਦੋ ਪ੍ਰਾਈਵੇਟ ਥਰਮਲ ਪਲਾਂਟ ਕਾਰਜਸ਼ੀਲ ਹਨ। ਭਗਵੰਤ ਸਿੰਘ ਮਾਨ ਨੇ ਚੇਤੇ ਕਰਦਿਆਂ ਕਿਹਾ ਕਿ ਸਾਲ 2009 ਵਿੱਚ ਇਸ ਪਲਾਂਟ ਦੀ ਸ਼ੁਰੂਆਤ ਮੌਕੇ ਹੋਏ ਸਮਾਗਮ ਦੌਰਾਨ ਉਨ੍ਹਾਂ ਨੇ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ ਸੀ ਅਤੇ ਖੁਸ਼ਕਿਸਮਤੀ ਨਾਲ ਹੁਣ ਪਰਮਾਤਮਾ ਨੇ ਇਸ ਪਲਾਂਟ ਨੂੰ ਖਰੀਦਣ ਲਈ ਵੀ ਉਨ੍ਹਾਂ ਨੂੰ ਚੁਣਿਆ ਹੈ ਅਤੇ ਇਸ ਪ੍ਰਾਜੈਕਟ ਨਾਲ ਲੋਕਾਂ ਨੂੰ ਹੋਰ ਵਧੇਰੇ ਬਿਜਲੀ ਸਪਲਾਈ ਮਿਲੇਗੀ।

ਇਕ ਹੋਰ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ, ਸ਼ਹੀਦ ਰਾਜਗੁਰੂ, ਸ਼ਹੀਦ ਸੁਖਦੇਵ, ਲਾਲਾ ਲਾਜਪਤ ਰਾਏ, ਸ਼ਹੀਦ ਊਧਮ ਸਿੰਘ, ਸ਼ਹੀਦ ਕਰਤਾਰ ਸਿੰਘ ਸਰਾਭਾ, ਮਾਈ ਭਾਗੋ, ਗ਼ਦਰੀ ਬਾਬਿਆਂ ਸਮੇਤ ਮਹਾਨ ਸ਼ਹੀਦਾਂ ਨੂੰ ਰੱਦ ਕੀਤੀ ਸ਼੍ਰੇਣੀ ਵਿੱਚ ਨਹੀਂ ਰੱਖਿਆ ਜਾ ਸਕਦਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਗਣਤੰਤਰ ਦਿਵਸ ਦੀ ਪਰੇਡ ਵਿੱਚ ਪੰਜਾਬ ਦੀਆਂ ਝਾਕੀਆਂ ਨੂੰ ਸ਼ਾਮਲ ਨਾ ਕਰਕੇ ਇਨ੍ਹਾਂ ਨਾਇਕਾਂ ਦੇ ਮਹਾਨ ਯੋਗਦਾਨ ਅਤੇ ਕੁਰਬਾਨੀਆਂ ਦਾ ਮਹੱਤਵ ਘਟਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਵਰਤਾਰਾ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ ਕਿਉਂ ਜੋ ਇਹ ਕਦਮ ਸਾਡੇ ਮਹਾਨ ਦੇਸ਼ ਭਗਤਾਂ ਅਤੇ ਕੌਮੀ ਨੇਤਾਵਾਂ ਦਾ ਘੋਰ ਨਿਰਾਦਰ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਭਾਜਪਾ ਮੁਖੀ ਝਲਕੀਆਂ ਦੇ ਮਸਲੇ ਉਤੇ ਸਾਫ ਤੌਰ ਉਤੇ ਝੂਠ ਬੋਲ ਰਹੇ ਹਨ ਕਿਉਂਕਿ ਉਨ੍ਹਾਂ ਨੂੰ ਆਪਣੇ ਅਕਾਵਾਂ ਵਾਂਗ ਝੂਠ ਬੋਲਣ ਦੀ ਕਲਾ ਵਿੱਚ ਪ੍ਰਪੱਕ ਹੋਣ ਦੀ ਮੁਹਾਰਤ ਹਾਸਲ ਨਹੀਂ ਹੋਈ। ਉਨ੍ਹਾਂ ਕਿਹਾ ਕਿ ਜਾਖੜ ਨੇ ਹਾਲ ਹੀ ਵਿੱਚ ਭਾਜਪਾ ਦਾ ਪੱਲਾ ਫੜਿਆ ਹੈ ਜਿਸ ਕਰਕੇ ਉਹ ਅਜੇ ਹਾਈ ਕਮਾਂਡ ਵੱਲੋਂ ਤਿਆਰ ਕੀਤੀਆਂ ਸਕ੍ਰਿਪਟਾਂ ਪੜ੍ਹਨ ਦੇ ਆਦੀ ਨਹੀਂ ਹੋਏ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬੜੀ ਮੰਦਭਾਗੀ ਗੱਲ ਹੈ ਕਿ ਭਾਜਪਾ ਲੀਡਰਸ਼ਿਪ ਪੰਜਾਬ ਨੂੰ ਲਾਂਭੇ ਕਰਕੇ ਝਲਕੀਆਂ ਦਿਖਾਉਣ ਬਾਰੇ ਸੋਚ ਰਹੀ ਹੈ।




ਕੈਨੇਡੀਅਨ ਪੰਜਾਬੀ ਪੋਸਟ

Award winning news paper | Canadian Punjabi Post

# CLASSIFIEDS

Starting at just $10

ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664












# ਮੁੱਖ ਮੰਤਰੀਆਂ ਦੀ ਮੀਟਿੰਗ ਵਿੱਚ ਪਾਣੀਆਂ ਬਾਰੇ ਪੰਜਾਬ ਦਾ ਪੱਖ ਹੋਰ ਵੀ ਮਜ਼ਬੂਤ ਹੋ ਗਿਐ

ਜਤਿੰਦਰ ਪਨੂੰ ਦੀ ਕਲਮ ਤੋਂ



ਖਬਰਾਂ ਦੇ ਖਿਲਾਰੇ ਪੱਖੋਂ ਖੜੋਤ ਕਦੇ ਵੀ ਨਹੀਂ ਆਉਂਦੀ ਤੇ ਨਿੱਤ ਨਵੀਂਆਂ ਨਹੀਂ, ਸਗੋਂ ਹਰ ਪਲ ਨਵੀਂ ਤੋਂ ਨਵੀਂ ਖਬਰ ਮਿਲਣ ਤੇ ਉਸ ਖਬਰ ਦੇ ਵੇਰਵੇ ਫੋਲਣਤੱਕ ਨਵੀਂ ਖਬਰ ਮਿਲਣ ਦੇ ਅਸੀਂ ਪੱਤਰਕਾਰੀ ਖੇਤਰ ਦੇ ਲੋਕ ਆਦੀ ਹੋ ਜਾਂਦੇ ਹਾਂ। ਹਰ ਸਾਲ ਵਾਂਗ ਵੀਹ ਸੌ ਤੇਈ ਦਾ ਸਾਲ ਵੀ ਚੰਗੇ-ਮਾੜੇ ਹਾਲਾਤ ਦੀ ਭਰਮਾਰ ਦਾ ਸਾਲ ਰਿਹਾ ਹੈ, ਪਰ ਜਾਂਦਾ-ਜਾਂਦਾ ਇਹ ਪਾਣੀਆਂ ਦੇ ਮੁੱਦੇ ਉੱਤੇ ਉਹ ਵੱਡੀ ਖਬਰ ਦੇ ਗਿਆ ਹੈ, ਜਿਸ ਦਾ ਸੰਬੰਧਪੰਜਾਬ ਤੇ ਪੰਜਾਬੀਆਂ ਦੀ ਅਗਲੀ ਪੀੜ੍ਹੀ ਦੀ ਹੋਂਦ ਨਾਲ ਜੁੜਿਆ ਪਿਆ ਹੈ। ਮੁੱਦਾ ਪੁਰਾਤਨ ਸਮਿਆਂ ਤੋਂ ਉਪਜਾਊ ਗਿਣੇ ਜਾਂਦੇ ਰਹੇ ਇਸ ਖੇਤਰ ਨੂੰ ਵੱਸਦਾ ਰੱਖਣ ਦਾ ਹੈ। ਜਦੋਂ ਹਾਲੇ ਜ਼ਿੰਦਗੀ ਸਿਰਫ ਖੇਤੀ ਆਸਰੇ ਚੱਲਦੀ ਸੀ ਅਤੇ ਪਾਣੀ ਉਸ ਲਈ ਪਹਿਲੀ ਲੋੜ ਸੀ, ਜਿਸਨਾਲ ਫਸਲਾਂ ਪੈਦਾ ਕੀਤੀਆਂ ਜਾ ਸਕਣ, ਓਦੋਂ ਮਨੁੱਖੀ ਬਸਤੀਆਂ ਓਥੇ ਵਸਾਈਆਂ ਜਾਂਦੀਆਂ ਸਨ, ਜਿੱਥੇ ਪਾਣੀਆਂ ਦੀ ਮੌਜੂਦਗੀ ਹਮੇਸ਼ਾ ਰਹਿੰਦੀ ਹੋਵੇ। ਪੰਜਾਬ 'ਸਪਤ ਸਿੰਧੂ' ਦੀ ਧਰਤੀ ਹੋਣ ਕਾਰਨ ਏਥੇ ਪਾਣੀ ਹਰ ਵੇਲੇ ਮਿਲਦਾ ਸੀ ਤੇ ਏਸੇ ਕਾਰਨ ਏਥੇ ਖੇਤੀ ਵੱਧ ਹੁੰਦੀ ਸੀ। ਅੱਗੋਂ ਖੇਤੀ ਕਾਰਨਏਥੋਂ ਦੀ ਬਾਕੀ ਦੇਸ਼ ਤੋਂ ਵੱਧ ਖੁਸ਼ਹਾਲੀ ਹਰ ਧਾੜਵੀ ਨੂੰ ਏਧਰ ਆਉਣ ਨੂੰ ਖਿੱਚਦੀ ਹੁੰਦੀ ਸੀ।ਕੋਈ ਵੀ ਹਮਲਾਵਰ ਆਉਂਦਾ ਤਾਂਪਹਿਲਾ ਧਾਵਾਂ ਉਨ੍ਹਾਂ ਇਲਾਕਿਆਂ ਉੱਤੇ ਕਰਦਾ ਹੁੰਦਾ ਸੀ, ਜਿੱਥੇ ਪਾਣੀ ਅਤੇ ਖੇਤੀ ਹੋਵੇ, ਕਿਉਂਕਿ ਉਹ ਜਾਣਦੇ ਸਨ ਕਿ ਏਥੇ ਪਾਣੀ ਤੇ ਖੇਤੀ ਹੋਣ ਕਾਰਨ ਕੁਝ ਨਾ ਕੁਝ ਮਾਲ ਜ਼ਰੂਰ ਮਿਲ ਜਾਵੇਗਾ ਅਤੇ ਹੋਰ ਕੁਝ ਨਹੀਂ ਤਾਂ ਭਵਿੱਖ ਵਿੱਚ ਜਿੰਦਾ ਰਹਿਣ ਦੀ ਗਾਰੰਟੀ ਵਾਲੀ ਖੇਤੀ ਕਰਨ ਵਾਲਾ ਇਲਾਕਾ ਹੀ ਮਿਲ ਜਾਵੇਗਾ। ਪੱਛਮ ਤੋਂ ਆਏ ਹਮਲਾਵਰਾਂ ਦੀਆਂ ਧਾੜਾਂ ਭਾਰਤ ਨੂੰ ਲੁੱਟਣ ਲਈ ਏਥੋਂ ਲੰਘਣ ਦਾ ਵੀ ਇਹੋ ਕਾਰਨ ਸੀ, ਜਿਸ ਨਾਲ ਪੰਜਾਬ ਦੇ ਲੋਕਾਂ ਨੂੰ ਹਮੇਸ਼ਾਂ ਨਿੱਤ ਦੀਆਂ ਮੁਹਿੰਮਾਂ ਦਾ ਸਾਹਮਣਾ ਕਰਨਾ ਪੈਂਦਾ ਰਿਹਾ। ਅੱਜ-ਕੱਲ੍ਹ ਹਮਲਾਵਰੀ ਕਰਨ ਲਈ ਲਸ਼ਕਰਾਂਅਤੇ ਸਿੱਧੀਆਂ ਲੜਾਈਆਂ ਲੜਨ ਦਾ ਯੁੱਗ ਨਹੀਂ ਰਹਿ ਗਿਆ, ਪਰ ਉਨ੍ਹਾਂ ਲੜਾਈਆਂ ਦੀ ਥਾਂ ਰਾਜਨੀਤਕ ਤਿਕੜਮਾਂ ਨਾਲ ਪੰਜਾਬ ਅਤੇ ਇਹਦੇ ਵਰਗੇ ਹੋਰ ਰਾਜਾਂ ਦਾ ਹੱਕ ਖੋਹਣ ਦੇ ਯਤਨ ਹੁੰਦੇ ਰਹਿੰਦੇ ਹਨ।

ਪੰਜਾਬ ਦੇ ਪਾਣੀਆਂ ਦੀ ਅਜੋਕੀ ਉਲਝਣ ਸਾਡੇ ਵਕਤ ਦੇ ਸਾਰੇ ਪੱਤਰਕਾਰ ਤੇ ਲੇਖਕ ਪੰਜਾਬ ਅਤੇ ਹਰਿਆਣੇ ਦੇ ਵੱਖ ਹੋਣ ਦੀ ਘੜੀ ਤੋਂ ਮੰਨਦੇ ਹਨ, ਪਰ ਅਸਲ ਵਿੱਚ ਇਸ ਦੀ ਸ਼ੁਰੂਆਤ ਪਾਕਿ-ਸਤਾਨ ਬਣਨ ਅਤੇ ਭਾਰਤ-ਪਾਕਿ ਵਿੱਚ ਪਾਣੀਆਂ ਦੀ ਵੰਡ ਦੇ ਮੁੱਢਲੇ ਫੈਸਲਿਆਂ ਵੇਲੇ ਹੀ ਹੋ ਗਈ ਸੀ। ਉਸ ਵੰਡ ਵੇਲੇ ਸਾਡਾ ਇਹ ਖੇਤਰ ਰਿਪੇਰੀਅਨ ਅਸੂਲ ਦੇ ਮੁਤਾਬਕ ਮੁੱਢਲਾ ਰਿਪੇਰੀਅਨ, ਅੰਗਰੇਜ਼ੀ ਵਿੱਚ 'ਅੱਪਰ ਰਿਪੇਰੀਅਨ' ਰਾਜ ਸੀ, ਕਿਉਂਕਿ ਦਰਿਆ ਸਾਡੇ ਪਾਸੇ ਤੋਂ ਸ਼ੁਰੂ ਹੋ ਕੇ ਨਵੇਂ ਬਣਾਏ ਦੇਸ਼ ਪਾਕਿ-ਸਤਾਨ ਵੱਲ ਨੂੰ ਜਾਂਦੇ ਸਨ। ਮਾਮਲਾ ਪਾਣੀਆਂ ਦੀ ਵੰਡ ਦਾ ਸੀ, ਪਰ ਫੈਸਲੇ ਦੀ ਘੜੀ ਵੰਡ ਪਾਣੀਆਂ ਦੀ ਨਹੀਂ, ਦਰਿਆਵਾਂ ਦੀ ਹੁੰਦੀ ਰਹੀਤੇ ਸਾਂਝੇ ਪੰਜਾਬ ਦੇ ਪੱਛਮੀ ਪਾਸੇ ਵਗਦੇ ਤਿੰਨ ਦਰਿਆ ਸਿੰਧ, ਜੇਹਲਮ ਤੇ ਚਿਨਾਬ ਪਾਕਿਸਤਾਨ ਨੂੰ ਛੱਡ ਕੇ ਪੂਰਬੀ ਪਾਸੇ ਦੇ ਸਤਲੁਜ, ਬਿਆਸ ਤੇ ਰਾਵੀ ਭਾਰਤ ਕੋਲ ਰਹਿ ਗਏ ਸਨ। ਇਸ ਵੰਡਵੇਲੇ ਸ਼ੁਰੂ ਵਿੱਚ ਰਾਜਸਥਾਨ ਦੇ ਮਾਰੂਥਲ ਨੂੰ ਹਰੇ-ਭਰੇ ਖੇਤਰ ਵਿੱਚ ਬਦਲਣ ਲਈ ਉਸ ਦੀ ਪਾਣੀ ਦੀ ਲੋੜ ਦੀ ਗੱਲ ਵੀ ਚੱਲੀ, ਪਰ ਬਾਅਦ ਵਿੱਚ ਛੱਡ ਦਿੱਤੀ ਗਈ ਤੇ ਉਸ ਨੂੰ ਦੇਣ ਲਈ ਭਾਰਤੀ ਪੰਜਾਬ ਦੇ ਪਾਣੀਆਂ ਵਿੱਚੋਂ ਸਰੋਤ ਵਰਤਣ ਦਾ ਰਾਹ ਕੱਢਿਆ ਗਿਆ।ਪੰਜਾਬ ਦੀ ਅਗਲੀ ਬਦਕਿਸਮਤੀ ਇਹ ਕਿ ਪ੍ਰਤਾਪ ਸਿੰਘ ਕੈਰੋਂ ਦੇ ਰਾਜਵੇਲੇਅ-ਜੋਕਾ ਹਰਿਆਣਾ ਹਾਲੇ ਪੰਜਾਬ ਵਿੱਚ ਸੀ ਤੇ ਓਦੋਂ ਪੰਜਾਬ ਦਾ ਸਿੰਜਾਈ ਦਾ ਮੰਤਰੀ ਉਸ ਇਲਾਕੇ ਦਾ ਇੱਕ ਆਗੂ ਬਣ ਗਿਆ, ਜਿੱਥੇ ਸਮਾਂ ਪਾ ਕੇ ਹਰਿਆਣਾ ਬਣ ਜਾਣ ਦੇ ਸੰਕੇਤ ਪੰਜਾਬੀ ਸੂਬਾ ਲਹਿਰ ਤੋਂ ਮਿਲਦੇ ਪਏ ਸਨ। ਨਹਿਰੀ ਯੋਜਨਾਬੰਦੀ ਦੇ ਕੰਮ ਵਿੱਚ ਪੰਜਾਬੀ ਓਦੋਂ ਵਿੱਸਰ-ਭੋਲੇ ਸਨ, ਹਰਿਆਣੇ ਵਾਲੇ ਲੀਡਰ ਚੌਕੰਨੇ ਸਨ। ਉਸ ਸਿੰਜਾਈ ਮੰਤਰੀ ਨੇ ਨਹਿਰਾਂ ਆਦਿ ਰਾਹੀਂ ਏਹੋ ਜਿਹੀ ਚੁਸਤੀ ਕੀਤੀ ਕਿ ਏਧਰ ਵਾਲਾ ਪਾਣੀ ਓਧਰ ਜਾਂਦਾ ਰਹੇ ਤੇ ਉਸ ਪਾਸਿਉਂ ਏਧਰ ਪਾਣੀ ਲਿਆ ਸਕਣ ਵਾਲਾ ਰਾਹ ਹੀ ਨਕਸ਼ਿਆਂਵਿੱਚਕੋਈ ਨਾ ਛੱਡਿਆ ਗਿਆ। ਪਾਕਿਸਤਾਨ ਨਾਲ ਵੰਡ ਮਗਰੋਂ ਸਾਡੇ ਪੰਜਾਬ ਨੂੰ ਪਾਣੀ ਦਾ ਜਿਹੜਾ ਹਿੱਸਾ ਮਿਲਣਾ ਸੀ, ਉਸ ਦੀ ਲੋੜਪੂਰਤੀ ਲਈ ਚਿਨਾਬ ਤੇ ਰਾਵੀ ਨੂੰ ਜੋੜਨ ਦੀ ਸਕੀਮ ਦੱਸੀ ਗਈ, ਪਰ ਉਸ ਦਾ ਕੰਮ ਵੀ ਪਛੜਦਾ ਗਿਆ ਅਤੇ ਮਾਧੋਪੁਰ ਤੇ ਹਰੀਕੇ ਪੱਤਣ ਦੇ ਹੈੱਡ ਵਰਕਸ ਟੱਪਣ ਪਿੱਛੋਂ ਜਿਹੜਾ ਪਾਣੀ ਪਾਕਿਸਤਾਨ ਨੂੰਵਾਧੂ ਵਗਦਾ ਸੀ, ਉਸ ਨੂੰ ਰੋਕਣ ਦਾ ਕੰਮ ਵੀਕਦੇ ਨਹੀਂ ਕੀਤਾ ਗਿਆ। ਰਾਜਸਥਾਨ ਨੂੰ ਵੀਸਾਡੇ ਪੰਜਾਬ ਤੋਂਪਾਣੀ ਅੱਜ ਤੱਕ ਵਗੀ ਜਾਂਦਾ ਹੈ ਅਤੇ ਓਦੋਂ ਬਣਾਈਆਂ ਸਕੀਮਾਂ ਕਾਰਨ ਹਰਿਆਣੇ ਦੇ ਇਲਾਕੇ ਵੱਲ ਨੂੰ ਭਾਖੜਾ ਮੇਨ ਲਾਈਨ ਦਾ ਪਾਣੀ ਵੀ ਰਾਜਪੁਰੇ ਦੇ ਹੇਠਲੇ ਪਾਸੇ ਤੋਂ ਓਧਰ ਜਾਂਦੀ ਨਹਿਰ ਤੇ ਖਨੌਰੀ ਬੈਰੇਜ ਤੋਂ ਅੱਜ ਤੱਕ ਲਗਾਤਾਰ ਵਗੀ ਜਾਂਦਾ ਹੈ।ਪੰਜਾਬ ਦੇ ਆਗੂ ਐਵੇਂ ਫੋਕੀਆਂ ਫੜ੍ਹਾਂ ਮਾਰਨ ਲੱਗੇ ਰਹਿੰਦੇ ਹਨ ਕਿ ਅਸੀਂ ਪਾਣੀ ਦੀ ਇੱਕ ਬੂੰਦ ਵੀ ਕਿਸੇ ਨੂੰ ਨਹੀਂ ਦੇਣੀ।

ਫਿਰ ਇੱਕ ਹੋਰ ਧੱਕਾ ਪੰਜਾਬ ਨਾਲ ਹੋ ਗਿਆ। ਪੰਜਾਬ ਤੋਂ ਹਰਿਆਣਾ ਵੱਖ ਹੋਣਾ ਸੀ ਤਾਂ ਇਸ ਦੀ ਸਭ ਸਰਕਾਰੀ ਜਾਇਦਾਦ ਦੀ ਵੰਡ ਵੇਲੇ ਸੱਠ-ਚਾਲੀ ਦੇ ਨੇੜੇ ਦਾ ਫਾਰਮੂਲਾ ਚੱਲਦਾ ਰਿਹਾ, ਪਰ ਪਾਣੀਆਂ ਦੀ ਵੰਡ ਵਿੱਚਏਥੇ ਧੱਕਾ ਹੋ ਗਿਆ। ਅਸੀਂ ਛਿਆਹਠ ਕੁ ਸਾਲ ਇਹੋ ਗੱਲਾਂ ਸੁਣੀ ਗਏ ਕਿ ਪੰਜਾਬ ਨਾਲ ਧੱਕਾ ਹੁੰਦਾ ਹੈ, ਧੱਕੇ ਦਾ ਅਸਲ ਮੁੱਦਾ ਪੰਜਾਬ ਦੇ ਕਿਸੇ ਸਿਆਸੀ ਆਗੂ ਨੇ ਲੋਕਾਂ ਅੱਗੇ ਜਾਂ ਅਦਾਲਤ ਵਿੱਚ ਰੱਖਿਆ ਹੀ ਨਹੀਂ। ਸੁਪਰੀਮ ਕੋਰਟ ਨੇ ਕੈਪਟਨ ਅਮਰਿੰਦਰ ਸਿੰਘ ਦੇ ਦੂਸਰੇ ਰਾਜ ਦੌਰਾਨ ਦੋਵਾਂ ਰਾਜਾਂ ਦੇ ਮੁੱਖ ਮੰਤਰੀਆਂ ਨੂੰ ਮਿਲਣ ਦੀ ਹਦਾਇਤ ਕੀਤੀ ਤਾਂ ਅਮਰਿੰਦਰ ਸਿੰਘ ਕੋਲ ਏਦਾਂ ਦੀਆਂ ਬੈਠਕਾਂ ਲਈ ਵਕਤ ਨਹੀਂ ਸੀ ਹੁੰਦਾ, ਉਹ ਸਿਰਫ ਰਾਜ ਮਾਣਦਾ ਸੀ, ਚਰਨਜੀਤ ਸਿੰਘ ਚੰਨੀ ਨੂੰ ਸਮਾਂ ਥੋੜ੍ਹਾ ਮਿਲਿਆ ਤੇ ਭਗਵੰਤ ਮਾਨ ਦੀ ਸਰਕਾਰ ਆਈ ਤੋਂ ਹਰਿਆਣੇ ਦੇ ਮੁੱਖ ਮੰਤਰੀ ਨਾਲ ਪਹਿਲੀ ਸਿੱਧੀ ਬੈਠਕ ਹੋਈ। ਪੰਜਾਬ ਦੇ ਲੋਕਾਂ ਨੂੰ ਓਦੋਂ ਪਹਿਲੀ ਵਾਰ ਇਹ ਪਤਾ ਲੱਗਾ ਕਿ ਧੱਕੇ ਦੀ ਜੜ੍ਹਇਹ ਸੀ ਕਿ ਸਭ ਸਰਕਾਰੀ ਜਾਇਦਾਦ ਸੱਠ-ਚਾਲੀ ਨਾਲ ਵੰਡ ਕਰਨ ਸਮੇਂ ਵੀ ਪਾਣੀ ਸਿਰਫ ਸਾਡੇ ਵੱਲ ਦੇ ਦਰਿਆਵਾਂ ਦਾ ਗਿਣਿਆ, ਹਰਿਆਣੇ ਵੱਲ ਵਗਦੇ ਜਮਨਾ ਤੇ ਹੋਰ ਸਰੋਤਾਂ ਦਾ ਪਾਣੀ ਕਿਸੇ ਨੇਕਦੇਨਹੀਂਮਿਣਿਆ। ਭਗਵੰਤ ਮਾਨ ਨੇ ਕਿਹਾ ਕਿ ਜਮਨਾ ਦਾ ਪਾਣੀ ਵੀ ਇਸ ਖਾਤੇ ਵਿੱਚ ਰੱਖ ਕੇ ਗੱਲ ਕਰੋ ਤੇ ਘੱਗਰ ਦਾ ਜਿਹੜਾ ਸਾਰਾ ਪਾਣੀ ਇਕੱਲਾ ਹਰਿਆਣਾ ਵਰਤ ਰਿਹਾ ਹੈ, ਉਸ ਦੀ ਮਿਣਤੀ ਵੀ ਇਸ ਵਿੱਚ ਕਰਨੀ ਪਊਗੀ। ਬੀਤੇ ਦਿਨੀਂ ਇੱਕ ਵਾਰ ਫਿਰ ਦੋਵਾਂਮੁੱਖ ਮੰਤਰੀਆਂ ਦੀ ਮੀਟਿੰਗ ਹੋਈ ਅਤੇ ਇਸ ਵਾਰੀ ਪਾਣੀਆਂ ਬਾਰੇ ਕੇਂਦਰ ਦਾ ਕੈਬਨਿਟ ਮੰਤਰੀ ਵੀ ਉਨ੍ਹਾਂ ਨਾਲ ਆਣ ਬੈਠਾ। ਪੰਜਾਬ ਦੇ ਮੁੱਖ ਮੰਤਰੀ ਨੇ ਇਹਗੱਲ ਉਭਾਰ ਦਿੱਤੀ ਕਿ ਸਿਰਫ ਜਮਨਾ ਅਤੇ ਘੱਗਰਨਹੀਂ, ਹਰਿਆਣੇ ਵਿੱਚ ਜਿਹੜੇ ਟਾਂਗਰੀ, ਸਰਸਵਤੀ, ਮਾਰਕੰਡਾ, ਚੁਟੰਗ ਰਾਕਸ਼ੀ, ਸਾਹਿਬਾ, ਕ੍ਰਿਸ਼ਨਾ ਤੇ ਲੰਡੋਲਾ ਨਾਲਾ ਵਗਦੇ ਹਨ, ਉਹ ਵੀ ਸਾਂਝੇ ਪੰਜਾਬ ਦੀ ਕੁਦਰਤੀ ਵਿਰਾਸਤ ਹੋਣ ਕਾਰਨਇਸ ਦੇ ਨਾਲ ਗਿਣੋ, ਉਨ੍ਹਾਂ ਬਿਨਾਂ ਸਹੀ ਵੰਡ ਨਹੀਂ ਹੋ ਸਕਦੀ।ਇਹ ਮੁੱਦੇ ਹਰਿਆਣੇ ਦੀ ਲੀਡਰਸ਼ਿਪ ਨੂੰ ਅਚੰਭਤ ਕਰਨ ਵਾਲੇ ਹਨ।

ਇਸ ਪਿੱਛੋਂ ਪੰਜਾਬ ਦੇ ਮੁੱਖ ਮੰਤਰੀ ਨੇ ਇਹ ਵੀ ਦੱਸ ਦਿੱਤਾ ਕਿ ਅੱਜ ਦਰਿਆਵਾਂ ਵਿੱਚ ਪਾਣੀ ਓਨਾ ਨਹੀਂ ਰਿਹਾ, ਜਿੰਨਾ ਪੰਜਾਬ ਤੋਂ ਹਰਿਆਣਾ ਵੱਖਰਾ ਰਾਜ ਬਣਾਉਣ ਵੇਲੇ ਸੀ ਤੇ ਜਦੋਂ ਪਾਣੀ ਹੀ ਨਹੀਂ ਤਾਂ ਸਤਲੁਜ ਜਮਨਾ ਲਿੰਕ ਨਹਿਰ ਬਣਾਉਣ ਦੀ ਲੋੜ ਕੀ ਰਹਿ ਜਾਂਦੀ ਹੈ! ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਨੇ ਕਿਹਾ ਕਿ ਪਾਣੀ ਹੋਣ ਜਾਂ ਨਾ ਹੋਣ ਦੀ ਗੱਲ ਪਿੱਛੋਂ ਵੇਖਾਂਗੇ, ਪਹਿਲਾਂ ਸੁਪਰੀਮ ਕੋਰਟ ਦੇ ਹੁਕਮ ਅਨੁਸਾਰ ਸਤਲੁਜ ਜਮਨਾ ਨਹਿਰ ਬਣਾਉਣੀ ਪੈਣੀ ਹੈ, ਪੰਜਾਬ ਦੇ ਮੁੱਖ ਮੰਤਰੀ ਨੇ ਇਹ ਗੱਲ ਨਹੀਂ ਮੰਨੀ। ਪਾਣੀਆਂ ਬਾਰੇ ਕੇਂਦਰੀ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੇ ਕਿਹਾ ਕਿ ਜੇ ਪੰਜਾਬ ਨੇ ਇਹ ਗੱਲ ਨਾ ਮੰਨੀ ਤਾਂ ਸੁਪਰੀਮ ਕੋਰਟ ਵਿੱਚ ਅਦਾਲਤੀ ਮਾਣਹਾਨੀ ਦਾ ਕੇਸ ਬਣ ਜਾਵੇਗਾ। ਮੁੱਖ ਮੰਤਰੀ ਭਗਵੰਤ ਮਾਨ ਨੇ ਨਾਲ ਗਏ ਪੰਜਾਬ ਦੇ ਸਿੰਜਾਈ ਵਿਭਾਗ ਦੇ ਸੈਕਟਰੀ ਕ੍ਰਿਸ਼ਨ ਕੁਮਾਰ ਨੂੰ ਕਾਨੂੰਨੀ ਪੱਖ ਦੱਸਣ ਨੂੰ ਕਹਿ ਦਿੱਤਾ। ਕ੍ਰਿਸ਼ਨ ਕੁਮਾਰ ਨੇ ਦੱਸਿਆ ਕਿ ਮਾਣਹਾਨੀ ਦਾ ਨਵਾਂ ਕੇਸ ਨਹੀਂ ਬਣ ਸਕਦਾ, ਕਿਉਂਕਿ ਇਹ ਕੇਸ ਤਾਂ ਪਹਿਲਾਂ ਹੀ ਅਦਾਲਤ ਵਿੱਚ ਹੈ। ਜਦੋਂ ਪ੍ਰਕਾਸ਼ ਸਿੰਘ ਬਾਦਲ ਦਾ ਮੁੱਖ ਮੰਤਰੀ ਵਜੋਂ ਆਖਰੀ ਸਾਲ ਸੀ ਤੇ ਪਾਣੀਆਂ ਬਾਰੇ ਅਦਾਲਤ ਦਾ ਫੈਸਲਾ ਪੰਜਾਬ ਦੇ ਖਿਲਾਫ ਆਇਆ ਸੀ ਤਾਂ ਡੇਰਾ ਸੱਚਾ ਸੌਦਾ ਦੇ ਕੇਸ ਵਿੱਚ ਫਸੀ ਹੋਈ ਅਕਾਲੀ ਸਰਕਾਰ ਨੇ ਨਹਿਰ ਦਾ ਮੁੱਦਾ ਚੁੱਕਿਆ ਤੇ ਸੁਪਰੀਮ ਕੋਰਟ ਦਾ ਫੈਸਲਾ ਨਾ ਮੰਨਣਦਾ ਐਲਾਨ ਕਰ ਦਿੱਤਾ ਸੀ। ਓਦੋਂ ਤੱਕ ਸਤਲੁਜ ਜਮਨਾ ਨਹਿਰ ਜਿੰਨੀ ਕੁ ਬਣ ਚੁੱਕੀ ਸੀ, ਅਕਾਲੀ-ਭਾਜਪਾ ਸਰਕਾਰ ਨੇ ਢਾਹੁਣ ਅਤੇ ਉਹ ਜ਼ਮੀਨਾਂ ਰਾਤੋ-ਰਾਤ ਪੰਜਾਬ ਦੇ ਕਿਸਾਨਾਂ ਦੇ ਨਾਂਅ ਵਾਪਸੀ ਇੰਤਕਾਲ ਕਰਨ ਦਾ ਹੁਕਮ ਦੇ ਦਿੱਤਾ ਸੀ ਤੇ ਏਦਾਂ ਹੁੰਦਾ ਰੋਕਣ ਲਈ ਹਰਿਅਣਾ ਸਰਕਾਰ ਨੇ ਅਗਲੇ ਦਿਨ ਸੁਪਰੀਮ ਕੋਰਟ ਵਿੱਚ ਮਾਣਹਾਨੀ ਦੀ ਅਰਜ਼ੀ ਦੇਦਿੱਤੀ ਸੀ। ਇਸ ਅਰਜ਼ੀ ਦੀ ਪੈਰਵਾਈ ਲਈ ਸੋਲਾਂ ਵਕੀਲ ਹਰਿਆਣੇ ਵੱਲੋਂ ਪੇਸ਼ ਹੋਏ ਸਨ। ਉਨ੍ਹਾਂ ਸਾਰੇ ਵਕੀਲਾਂ ਦਾ ਅਗਵਾਨੂੰ ਭਾਰਤ ਦਾ ਅਜੋਕਾ ਉੱਪ ਰਾਸ਼ਟਰਪਤੀ ਜਗਦੀਪ ਧਨਕੜ ਸੀ ਤੇ ਸੁਪਰੀਮ ਕੋਰਟ ਨੇ ਇਸ ਅਰਜ਼ੀ ਉੱਤੇ ਸਟੇਟਸ-ਕੋ ਦਾ ਆਰਡਰ ਜਾਰੀ ਕੀਤਾ ਸੀ, ਜਿਹੜਾ ਅੱਜ ਤੱਕ ਕਾਇਮ ਹੈ। ਉਸ ਆਰਡਰ ਵਿੱਚ ਸੁਪਰੀਮ ਕੋਰਟ ਨੇ ਸਾਫ ਸ਼ਬਦਾਂ ਵਿੱਚ ਕਿਹਾ ਹੋਇਆ ਹੈ ਕਿ ਇਸ ਕੇਸ ਦਾ ਆਖਰੀ ਫੈਸਲਾ ਹੋਣ ਤੱਕ ਦੋਵਾਂ ਵਿੱਚੋਂ ਕੋਈ ਧਿਰ ਕੋਈ ਕਾਰਵਾਈ ਨਹੀਂ ਕਰੇਗੀ ਤੇ ਇਸ ਅਦਾਲਤੀ ਆਰਡਰ ਦੇ ਕਾਰਨ ਜੇ ਪੰਜਾਬ ਨਹਿਰ ਦੀ ਉਸਾਰੀ ਕਰਨ ਤੋਂ ਇਨਕਾਰ ਕਰਦਾ ਹੈ ਤਾਂ ਕੋਈ ਨਵਾਂ ਮਾਣਹਾਨੀ ਕੇਸ ਬਣ ਹੀ ਨਹੀਂ ਸਕਦਾ।

ਰਹੀ ਗੱਲ ਕਾਨੂੰਨੀ ਪੱਖ ਦੀ, ਸਿੰਜਾਈ ਬਾਰੇ ਸੈਕਟਰੀ ਕ੍ਰਿਸ਼ਨ ਕੁਮਾਰ ਨੇ ਦੋ ਹੋਰ ਅਦਾਲਤੀ ਪੇਸ਼ੀਆਂ ਦੇ ਵੇਰਵੇ ਦੱਸ ਕੇ ਸਭ ਨੂੰ ਹੈਰਾਨ ਕਰ ਦਿੱਤਾ। ਬਾਦਲ ਸਰਕਾਰ ਦੌਰਾਨ ਹੋਏ ਸੁਪਰੀਮ ਕੋਰਟ ਦੇ ਹੁਕਮ ਪਿੱਛੋਂ ਅਗਲੀ ਸੁਣਵਾਈ ਸਾਲ 2017 ਵਿੱਚ ਗਿਆਰਾਂ ਜੁਲਾਈ ਨੂੰ ਹੋਈ ਤਾਂ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਨੇ ਇਹ ਬਿਆਨ ਸੁਪਰੀਮ ਕੋਰਟ ਵਿੱਚ ਦਿੱਤਾ ਸੀ ਕਿ ਅਸੀਂ ਦੋਵਾਂ ਧਿਰਾਂ ਨਾਲ ਗੱਲ ਕਰ ਕੇ ਕੋਈ ਸਹਿਮਤੀ ਵਾਲਾ ਰਾਹ ਕੱਢਣ ਦੇ ਯਤਨ ਕਰ ਰਹੇ ਹਾਂ ਤੇ ਇਸ ਵਿੱਚ ਕਾਨੂੰਨੀ ਢੰਗ ਨਾਲ ਨਹਿਰ ਜ਼ਰੂਰ ਬਣਾਉਣ ਦੀ ਗੱਲ ਨਹੀਂ ਸੀ ਆਖੀ। ਤੀਸਰੀ ਪੇਸ਼ੀ ਨੌਂ ਜੁਲਾਈ 2019 ਨੂੰ ਹੋਈ ਤਾਂ ਨਰਿੰਦਰ ਮੋਦੀ ਸਰਕਾਰ ਨੇ ਇਹਕਿਹਾ ਸੀ ਕਿ 'ਜੇ (ਸੁਪਰੀਮ ਕੋਰਟ ਵੱਲੋਂ ਦਿੱਤਾ) ਹੁਕਮ ਲਾਗੂ ਕਰਨਾ ਸੰਭਵ ਨਹੀਂ ਹੁੰਦਾ ਤਾਂ ਹਰਿਆਣਾ ਤੇ ਰਾਜਸਥਾਨ ਦੋਵਾਂ ਰਾਜਾਂ ਦੀ ਲੋੜ ਪੂਰੀ ਕਰਨ ਲਈ ਭਾਰਤ ਸਰਕਾਰ ਕੁਝ ਬਦਲ ਪੇਸ਼ ਕਰ ਸਕਦੀ ਹੈ।' ਉਨ੍ਹਾਂ ਇਹ ਵੀ ਚੇਤੇ ਕਰਾਇਆ ਕਿ ਭਾਰਤ-ਪਾਕਿ ਵੰਡ ਵੇਲੇ ਕਿਹਾ ਗਿਆ ਸੀ ਕਿਪੰਜਾਬ ਲਈਚਿਨਾਬ ਦਾ ਪਾਣੀ ਏਧਰ ਮੋੜਨ ਲਈ ਸੁਰੰਗ ਬਣਾਉਣ ਦਾ ਕੰਮ ਕਰਾਇਆ ਜਾਵੇਗਾ, ਜਿਸ ਦਾਜ਼ਿਕਰ ਰਾਵੀ-ਬਿਆਸ ਪਾਣੀਆਂ ਦੇ ਬਾਰੇ 22 ਅਪਰੈਲ 2022 ਨੂੰ ਭਾਰਤ ਸਰਕਾਰ ਵੱਲੋਂ ਬਣਾਏ ਗਏ ਟ੍ਰਿਬਿਊਨਲ ਵਿੱਚ ਹੈ, ਉਹਨੂੰ ਸਮਝਣ ਲਈ ਸਿੰਧ ਦੇ ਪਾਣੀਆਂ ਬਾਰੇ ਭਾਰਤ-ਪਾਕਿ ਸਮਝੌਤੇ ਨੂੰ ਮੁੜ ਕੇ ਵੇਖ ਲੈਣਾ ਚਾਹੀਦਾ ਹੈ।ਇਹ ਵੀ ਬਹੁਤ ਅਹਿਮ ਤੱਥ ਸੀ।

ਅਸੀਂ ਇਹ ਨਹੀਂ ਕਹਿ ਸਕਦੇ ਕਿ ਇਸ ਬੈਠਕਮਗਰੋਂ ਹਰਿਆਣੇ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਨੇ ਜਿੰਦਾਂ ਨਾਰਾਜ਼ਗੀ ਦਿਖਾਈ ਹੈ, ਉਸ ਪਿੱਛੋਂ ਸੁਪਰੀਮ ਕੋਰਟ ਵਿੱਚ ਕੀ ਕਰਨਗੇ, ਪਰ ਇੱਕ ਗੱਲ ਪੱਕੀ ਹੈ ਕਿ ਇਸ ਮਾਮਲੇ ਵਿੱਚ ਜਿਹੜੇ ਮੁੱਦੇ ਪੰਜਾਬ ਦੀ ਅਜੋਕੀ ਸਰਕਾਰ ਨੇ ਚੁੱਕੇ ਹਨ, ਪਹਿਲਾਂ ਕਦੇ ਨਹੀਂ ਚੁੱਕੇ ਗਏ। ਕਾਰਨ ਇਸ ਦਾ ਕੀ ਸੀ, ਇਹ ਤਾਂ ਪਤਾ ਨਹੀਂ, ਪਰ ਪੰਜਾਬ ਦੇ ਖਿਲਾਫ ਜਿੰਨੇ ਵੀ ਫੈਸਲੇ ਸੁਪਰੀਮ ਕੋਰਟ ਤੋਂ ਆਏ ਸਨ, ਉਹ ਸਾਰੇ ਆਉਣੋਂ ਰੋਕੇ ਜਾਣ ਦੀ ਜਿਹੜੀ ਸੰਭਾਵਨਾ ਸੀ, ਉਸ ਨੂੰ ਪੰਜਾਬ ਦੇ ਲੀਡਰਾਂ ਨੇ ਕਦੇ ਨਹੀਂ ਵਰਤਿਆ। ਭਗਵੰਤ ਮਾਨ ਨਾਲ ਰਾਜਸੀ ਪੱਖੋਂ ਕਿਸੇ ਦੇ ਲੱਖ ਵਿਰੋਧ ਹੋਣ, ਪਾਣੀਆਂ ਵਰਗੇ ਮੁੱਦੇ ਉੱਤੇ ਜਿੰਦਾਂ ਉਸ ਨੇ ਹਰਿਆਣੇ ਦੇ ਨਾਲ ਕੇਂਦਰ ਸਰਕਾਰ ਨੂੰ ਵੀ ਡੌਰ-ਭੌਰੇ ਜਿਹੇ ਕਰ ਦਿੱਤਾ ਹੈ, ਉਸ ਪਿੱਛੋਂ ਕੇਂਦਰ ਦੀ ਤਾਕਤ ਨਾਲ ਪੰਜਾਬ ਵਿਰੁੱਧ ਧੱਕੇਸ਼ਾਹੀ ਤਾਂ ਬੇਸ਼ੱਕ ਕੋਈ ਕਰਨ ਤੁਰ ਪਏ, ਦਲੀਲਾਂ ਨਾਲ ਪੰਜਾਬ ਦਾ ਕੇਸ ਪਹਿਲਾਂ ਤੋਂ ਸੌ ਦਰਜੇ ਮਜ਼ਬੂਤ ਹੋ ਗਿਆ ਹੈ। ਭਾਰਤ ਦੇਸ਼ ਇਸ ਵਕਤ ਪਾਰਲੀਮੈਂਟ ਚੋਣਾਂ ਦੀਆਂ ਬਰੂੰਹਾਂ ਲਾਗੇ ਖੜਾ ਹੈ।ਪੰਜਾਬ ਤੋਂ ਬਹੁਤੀ ਆਸ ਨਾ ਰੱਖਦੀ ਭਾਜਪਾ ਹਰਿਆਣੇ ਵਿੱਚ ਸਾਰੀਆਂ ਦਸ ਸੀਟਾਂ ਜਿੱਤਣਲਈ ਇਸ ਵਾਰ ਕੋਈ ਸਖਤ ਪੈਂਤੜਾਅਗਲੇ ਮਹੀਨੇ ਪੰਜਾਬ ਤੇ ਪੰਜਾਬੀਆਂ ਵਿਰੁੱਧ ਸੁਪਰੀਮ ਕੋਰਟ ਵਿੱਚ ਵਿਖਾ ਸਕਦੀ ਹੈ। ਜੇ ਕੇਂਦਰ ਸਰਕਾਰ ਚਲਾ ਰਹੀ ਪਾਰਟੀ ਰਾਜਸੀ ਲੋੜਾਂ ਖਾਤਰ ਇਸ ਤਰ੍ਹਾਂ ਕਰਨ ਦੇ ਰਾਹ ਪੈ ਜਾਂਦੀ ਹੈ ਤਾਂ ਪੰਜਾਬ ਦੇ ਸਭ ਲੋਕਾਂ ਨੂੰ ਆਪਣੇ ਸਾਰੇ ਮੱਤਭੇਦਾਂ ਤੋਂ ਉੱਪਰ ਉੱਠ ਕੇ ਆਪਣੇ ਭਵਿੱਖ ਲਈ ਇਕੱਠੇ ਹੋਣਾ ਚਾਹੀਦਾ ਹੈ।







# 10ਵੀਂ ਗਣਿਤ ਦੀ ਬੋਰਡ ਪ੍ਰੀਖਿਆ 2024 ਵਿੱਚ 95+ ਅੰਕ ਕਿਵੇਂ ਪ੍ਰਾਪਤ ਕੀਤੇ ਜਾਣ


-ਵਿਜੈ ਗਰਗ-

ਜਿਵੇਂ ਕਿ 10ਵੀਂ ਬੋਰਡ ਪ੍ਰੀਖਿਆ 2024 ਨੇੜੇ ਆ ਰਹੀ ਹੈ, ਵਿਦਿਆਰਥੀਆਂ ਲਈ ਖਾਸ ਕਰਕੇ ਗਣਿਤ ਦੀ ਪ੍ਰੀਖਿਆ ਵਿੱਚ ਉੱਚ ਸਕੋਰ ਪ੍ਰਾਪਤ ਕਰਨ ਲਈ ਰਣਨੀਤੀਆਂ ਦੀ ਪੜਚੋਲ ਕਰਨਾ ਮਹੱਤਵਪੂਰਨ ਹੈ। ਗਣਿਤ ਵਿੱਚ ਹਾਈ ਸਕੂਲ ਵਿੱਚ ਵਧੀਆ ਸਕੋਰ ਕਰਨ ਦੀ ਮਹੱਤਵਪੂਰਨ ਸੰਭਾਵਨਾ ਹੁੰਦੀ ਹੈ। ਬਹੁਤ ਸਾਰੇ ਵਿਦਿਆਰਥੀਆਂ ਨੂੰ ਅਸਪਸ਼ਟ ਬੁਨਿਆਦੀ ਤੱਤਾਂ ਕਾਰਨ ਇਹ ਵਿਸ਼ਾ ਚੁਣੌਤੀਪੂਰਨ ਲੱਗਦਾ ਹੈ। ਫਿਰ ਵੀ, ਸਹੀ ਪਹੁੰਚ ਅਪਣਾ ਕੇ ਅਤੇ ਅਭਿਆਸ ਲਈ ਸਮਾਂ ਸਮਰਪਿਤ ਕਰਕੇ, ਵਿਦਿਆਰਥੀ ਆਉਣ ਵਾਲੀ 10ਵੀਂ ਗਣਿਤ ਦੀ ਬੋਰਡ ਪ੍ਰੀਖਿਆ ਵਿੱਚ ਭਰੋਸੇ ਨਾਲ 95 ਤੋਂ ਉੱਪਰ ਅੰਕ ਹਾਸਲ ਕਰਨ ਦਾ ਟੀਚਾ ਰੱਖ ਸਕਦੇ ਹਨ।

ਗਣਿਤ ਦੀ ਪ੍ਰੀਖਿਆ ਵਿੱਚ 95+ ਅੰਕ ਪ੍ਰਾਪਤ ਕਰਨ ਵਿੱਚ ਤੁਹਾਡੀ ਮਦਦ ਕਰਨ ਲਈ ਇੱਥੇ ਦਸ ਪ੍ਰਭਾਵਸ਼ਾਲੀ ਸੁਝਾਅ ਹਨ:

ਜਲਦੀ ਸ਼ੁਰੂ ਕਰੋ ਅਤੇ ਆਪਣੇ ਅਧਿਐਨ ਦੇ ਸਮੇਂ ਦੀ ਯੋਜਨਾ ਬਣਾਓ

ਆਪਣੇ ਅਧਿਐਨ ਸੈਸ਼ਨਾਂ ਨੂੰ ਪਹਿਲਾਂ ਤੋਂ ਹੀ ਸ਼ੁਰੂ ਕਰੋ। ਇੱਕ ਵਿਹਾਰਕ ਅਧਿਐਨ ਸਮਾਂ-ਸਾਰਣੀ ਬਣਾਓ ਜੋ ਹਰੇਕ ਵਿਸ਼ੇ, ਸੰਸ਼ੋਧਨ ਅਤੇ ਅਭਿਆਸ ਲਈ ਸਮਾਂ ਵੰਡਦਾ ਹੈ। ਆਪਣੇ ਕਾਰਜਕ੍ਰਮ 'ਤੇ ਬਣੇ ਰਹੋ ਅਤੇ ਲਗਾਤਾਰ ਕੋਸ਼ਿਸ਼ ਕਰੋ।



ਆਪਣੀ ਪਾਠ ਪੁਸਤਕ ਵਿੱਚ ਮੁਹਾਰਤ ਹਾਸਲ ਕਰੋ

ਜਾਣਕਾਰੀ ਦਾ ਮੁੱਖ ਸਰੋਤ ਤੁਹਾਡੀ ਪਾਠ ਪੁਸਤਕ ਹੈ। ਹਰੇਕ ਅਧਿਆਇ ਨੂੰ ਚੰਗੀ ਤਰ੍ਹਾਂ ਪੜ੍ਹੋ, ਸੰਕਲਪਾਂ ਨੂੰ ਸਮਝੋ, ਅਤੇ ਹੱਲ ਕੀਤੀਆਂ ਉਦਾਹਰਣਾਂ ਦਾ ਅਭਿਆਸ ਕਰੋ। ਰੇਖਾ-ਚਿੱਤਰਾਂ, ਟੇਬਲਾਂ ਅਤੇ ਗ੍ਰਾਫ਼ਾਂ ਦਾ ਧਿਆਨ ਰੱਖੋ- ਉਹ ਅਕਸਰ ਮਹੱਤਵਪੂਰਨ ਜਾਣਕਾਰੀ ਦਿੰਦੇ ਹਨ।

ਧਾਰਨਾਵਾਂ ਨੂੰ ਸਮਝਣ 'ਤੇ ਜ਼ੋਰ ਦਿਓ

ਗਣਿਤ ਯਾਦਾਸ਼ਤ ਤੋਂ ਪਰੇ ਹੈ। ਹਰੇਕ ਸੰਕਲਪ ਦੇ ਪਿੱਛੇ ਮੂਲ ਸਿਧਾਂਤਾਂ ਅਤੇ ਤਰਕ ਨੂੰ ਸਮਝੋ। ਆਪਣੀ ਸਮਝ ਨੂੰ ਮਜ਼ਬੂਤ ਕਰਨ ਲਈ ਵਿਜ਼ੂਅਲ ਏਡਜ਼, ਉਦਾਹਰਨਾਂ ਅਤੇ ਅਸਲ-ਸੰਸਾਰ ਦੀਆਂ ਐਪਲੀਕੇਸ਼ਨਾਂ ਦੀ ਵਰਤੋਂ ਕਰੋ।

ਨਿਯਮਤ ਅਭਿਆਸ ਕੁੰਜੀ ਹੈ

ਗਤੀ, ਸ਼ੁੱਧਤਾ, ਅਤੇ ਆਤਮ ਵਿਸ਼ਵਾਸ ਨੂੰ ਸੁਧਾਰਨ ਲਈ ਨਿਯਮਤ ਅਭਿਆਸ ਮਹੱਤਵਪੂਰਨ ਹੈ। ਉਦਾਹਰਣਾਂ, ਅਭਿਆਸ ਕਿਤਾਬਾਂ, ਅਤੇ ਪਿਛਲੇ ਸਾਲ ਦੇ ਪ੍ਰਸ਼ਨ ਪੱਤਰਾਂ ਵਰਗੇ ਵਿਭਿੰਨ ਸਰੋਤਾਂ ਤੋਂ ਸਮੱਸਿਆਵਾਂ ਹੱਲ ਕਰੋ।

ਮਹੱਤਵਪੂਰਨ ਵਿਸ਼ਿਆਂ 'ਤੇ ਧਿਆਨ ਕੇਂਦਰਿਤ ਕਰੋ

ਉੱਚ ਵਜ਼ਨ ਵਾਲੇ ਅਧਿਆਵਾਂ ਦੀ ਪਛਾਣ ਕਰਨ ਲਈ ਬੋਰਡ ਸਿਲੇਬਸ ਅਤੇ ਪ੍ਰੀਖਿਆ ਪੈਟਰਨ ਦਾ ਵਿਸ਼ਲੇਸ਼ਣ ਕਰੋ। ਚੰਗੀ ਤਰ੍ਹਾਂ ਸਮਝ ਅਤੇ ਅਭਿਆਸ ਲਈ ਇਹਨਾਂ ਮਹੱਤਵਪੂਰਨ ਵਿਸ਼ਿਆਂ ਲਈ ਵਾਧੂ ਸਮਾਂ ਦਿਓ।

ਸ਼ੱਕ ਦਾ ਤੁਰੰਤ ਹੱਲ ਕਰੋ

ਬਿਨਾਂ ਦੇਰੀ ਕੀਤੇ ਆਪਣੇ ਸ਼ੰਕਿਆਂ ਨੂੰ ਦੂਰ ਕਰੋ। ਅਧਿਆਪਕਾਂ, ਸਹਿਪਾਠੀਆਂ, ਜਾਂ ਔਨਲਾਈਨ ਸਰੋਤਾਂ ਤੋਂ ਸਪਸ਼ਟੀਕਰਨ ਮੰਗੋ। ਕਲਾਸਰੂਮ ਚਰਚਾਵਾਂ ਵਿੱਚ ਸਰਗਰਮੀ ਨਾਲ ਸ਼ਾਮਲ ਹੋਵੋ ਅਤੇ ਜਦੋਂ ਵੀ ਅਨਿਸ਼ਚਿ-ਤਤਾ ਪੈਦਾ ਹੁੰਦੀ ਹੈ ਤਾਂ ਸਵਾਲ ਪੁੱਛੋ।

ਫਾਰਮੂਲੇ ਅਤੇ ਪ੍ਰਮੇਏ ਦੀ ਮੁਹਾਰਤ

ਮਹੱਤਵਪੂਰਨ ਫ਼ਾਰਮੂਲੇ ਅਤੇ ਪ੍ਰਮੇਯਾਂ ਨੂੰ ਯਾਦ ਰੱਖੋ, ਪਰ ਸਭ ਤੋਂ ਮਹੱਤਵਪੂਰਨ, ਉਹਨਾਂ ਦੇ ਡੈਰੀਵੇਸ਼ਨਾਂ ਅਤੇ ਐਪਲੀਕੇਸ਼ਨਾਂ ਨੂੰ ਸਮਝੋ। ਅਭਿਆਸ ਅਤੇ ਸੰਸ਼ੋਧਨ ਦੇ ਦੌਰਾਨ ਤੁਰੰਤ ਸੰਦਰਭ ਲਈ ਇੱਕ ਫਾਰਮੂਲਾ ਸ਼ੀਟ ਬਣਾਓ।

ਪੇਸ਼ਕਾਰੀਆਂ ਵੱਲ ਧਿਆਨ ਦਿਓ

ਸਹੀ ਗਣਿਤਿਕ ਸੰਕੇਤਾਂ ਅਤੇ ਚਿੰਨ੍ਹਾਂ ਦੀ ਵਰਤੋਂ ਕਰਦੇ ਹੋਏ, ਆਪਣੇ ਜਵਾਬਾਂ ਨੂੰ ਸਾਫ਼-ਸੁਥਰਾ ਅਤੇ ਸਪਸ਼ਟ ਰੂਪ ਵਿੱਚ ਲਿਖੋ। ਸਪੱਸ਼ਟ ਤੌਰ 'ਤੇ ਸਾਰੇ ਕਦਮਾਂ ਨੂੰ ਤਰਕਸੰਗਤ ਕ੍ਰਮ ਵਿੱਚ ਦਿਖਾਓ।

ਇਮਤਿਹਾਨਾਂ ਵਿੱਚ ਪ੍ਰਭਾਵਸ਼ਾਲੀ ਸਮਾਂ ਪ੍ਰਬੰਧਨ

ਪ੍ਰਸ਼ਨ ਪੱਤਰ ਨੂੰ ਧਿਆਨ ਨਾਲ ਪੜ੍ਹੋ ਅਤੇ ਸਮਝਦਾਰੀ ਨਾਲ ਆਪਣੇ ਸਮੇਂ ਦੀ ਯੋਜਨਾ ਬਣਾਓ। ਆਤਮ ਵਿਸ਼ਵਾਸ ਪੈਦਾ ਕਰਨ ਲਈ ਪਹਿਲਾਂ ਸੌਖੇ ਸਵਾਲਾਂ ਨਾਲ ਨਜਿੱਠੋ। ਕਿਸੇ ਇਕ ਸਵਾਲ 'ਤੇ ਜ਼ਿਆਦਾ ਸਮਾਂ ਬਿਤਾਉਣ ਤੋਂ ਬਚੋ। ਪੇਪਰ ਜਮ੍ਹਾਂ ਕਰਨ ਤੋਂ ਪਹਿਲਾਂ ਸਮੀਖਿਆ ਅਤੇ ਸੰਸ਼ੋਧਨ ਲਈ ਕੁਝ ਸਮਾਂ ਰੱਖੋ।

ਸਿਹਤ ਅਤੇ ਸਕਾਰਾਤਮਕਤਾ ਨੂੰ ਤਰਜੀਹ ਦਿਓ

ਸੰਤੁਲਿਤ ਖੁਰਾਕ ਬਣਾਈ ਰੱਖੋ, ਨਿਯਮਿਤ ਤੌਰ 'ਤੇ ਕਸਰਤ ਕਰੋ ਅਤੇ ਲੋੜੀਂਦੀ ਨੀਂਦ ਯਕੀਨੀ ਬਣਾਓ। ਆਪਣੀ ਤਿਆਰੀ ਦੌਰਾਨ ਇੱਕ ਸਕਾਰਾਤਮਕ ਅਤੇ ਪ੍ਰੇਰਿਤ ਮਾਨਸਿਕਤਾ ਰੱਖੋ।

# ਹਿੱਟ ਐਂਡ ਰਨ ਕਾਨੂੰਨ ਵਿਰੁੱਧ 8 ਰਾਜਾਂ ਵਿੱਚ ਡਰਾਈਵਰਾਂ ਦੀ ਹੜਤਾਲ, ਮੱਧ ਪ੍ਰਦੇਸ਼ ਵਿੱਚ ਟਰੱਕ ਰੋਕੇ

ਨਵੀਂ ਦਿੱਲੀ, 1 ਜਨਵਰੀ (ਪੋਸਟ ਬਿਊਰੋ): ਨਵੇਂ ਹਿੱਟ ਐਂਡ ਰਨ ਕਾਨੂੰਨ ਦੇ ਵਿਰੋਧ ਵਿੱਚ ਬੱਸ ਅਤੇ ਟਰੱਕ ਡਰਾਈਵਰਾਂ ਦੀ ਅਣਮਿੱਥੇ ਸਮੇਂ ਦੀ ਹੜਤਾਲ ਦਾ ਸੋਮਵਾਰ ਨੂੰ ਤੀਜਾ ਦਿਨ ਹੈ। ਇਸ ਦੌਰਾਨ 8 ਰਾਜਾਂ ਮੱਧ ਪ੍ਰਦੇਸ਼, ਰਾਜਸਥਾਨ, ਬਿਹਾਰ, ਛੱਤੀਸਗੜ੍ਹ, ਯੂਪੀ, ਉੱਤਰਾਖੰਡ, ਪੰਜਾਬ ਅਤੇ ਗੁਜਰਾਤ ਵਿੱਚ ਬੱਸ ਅਤੇ ਟਰੱਕ ਡਰਾਈਵਰ ਹੜਤਾਲ ’ਤੇ ਰਹੇ।

ਦੱਸ ਦੇਈਏ ਕਿ ਇੰਡੀਅਨ ਜਸਟਿਸ ਕੋਡ 2023 ਵਿੱਚ ਸੋਧ ਤੋਂ ਬਾਅਦ ਹਿੱਟ ਐਂਡ ਰਨ ਕੇਸਾਂ ਵਿੱਚ ਦੋਸ਼ੀ ਡਰਾਈਵਰ ਨੂੰ 7 ਲੱਖ ਰੁਪਏ ਤੱਕ ਦਾ ਜੁਰਮਾਨਾ ਅਤੇ 10 ਸਾਲ ਤੱਕ ਦੀ ਕੈਦ ਦੀ ਵਿਵਸਥਾ ਹੈ।

ਭੋਪਾਲ, ਇੰਦੌਰ, ਗਵਾਲੀਅਰ, ਜਬਲਪੁਰ ਅਤੇ ਮੱਧ ਪ੍ਰਦੇਸ਼ ਦੇ ਹੋਰ ਸ਼ਹਿਰਾਂ ਵਿਚ ਬੱਸਾਂ ਨਹੀਂ ਚੱਲੀਆਂ। ਜਦੋਂਕਿ ਰਾਜਸਥਾਨ ਵਿੱਚ ਅੱਧਾ ਦਿਨ ਵੀ ਪ੍ਰਾਈਵੇਟ ਵਾਹਨ ਨਹੀਂ ਚੱਲੇ।



ਛੱਤੀਸਗੜ੍ਹ ਦੇ ਬਿਲਾਸਪੁਰ ਵਿਚ ਟਰੱਕ ਡਰਾਈਵਰਾਂ ਨੇ ਆਪਣੇ ਵਾਹਨ ਸੜਕ 'ਤੇ ਖੜ੍ਹੇ ਕਰ ਦਿੱਤੇ ਅਤੇ ਟਾਇਰਾਂ ਨੂੰ ਅੱਗ ਲਗਾ ਦਿੱਤੀ।

ਬਿਹਾਰ ਦੀ ਰਾਜਧਾਨੀ ਪਟਨਾ ਸਮੇਤ ਰਾਜ ਦੇ ਕਈ ਜ਼ਿਲ੍ਹਿਆਂ ਵਿੱਚ ਵੀ ਡਰਾਈਵਰਾਂ ਨੇ ਪ੍ਰਦਰਸ਼ਨ ਕੀਤਾ। ਜਦੋਂਕਿ ਉਤਰਾਖੰਡ, ਪੰਜਾਬ ਅਤੇ ਯੂਪੀ ਵਿੱਚ ਟਰੱਕ ਚਾਲਕਾਂ ਨੇ ਸੜਕ ਜਾਮ ਕਰ ਦਿੱਤੀ।

## ਹਮਾਸ ਨੇ 1 ਮਹੀਨੇ ਦੀ ਜੰਗਬੰਦੀ ਦੀ ਕੀਤੀ ਮੰਗ, ਜੰਗ ਵਿੱਚ ਹੁਣ ਤੱਕ 172 ਇਜ਼ਰਾਈਲੀ ਫੌਜੀ ਮਰੇ

ਕਾਹਿਰਾ, 1 ਜਨਵਰੀ (ਪੋਸਟ ਬਿਊਰੋ): ਪਿਛਲੇ ਹਫਤੇ ਮਿਸਰ ਦੇ ਵਫਦ ਨੇ ਇਜ਼ਰਾਈਲ ਦਾ ਗੁਪਤ ਦੌਰਾ ਕੀਤਾ ਸੀ। ਇਸ ਦੌਰਾਨ ਜੰਗਬੰਦੀ ਨੂੰ ਲੈ ਕੇ ਗੰਭੀਰ ਗੱਲਬਾਤ ਹੋਈ। ਦੂਜੇ ਪਾਸੇ ਕਤਰ ਦੇ ਵਿਚੋਲੇ ਨੇ ਇਜ਼ਰਾਈਲ ਨੂੰ ਕਿਹਾ ਹੈ ਕਿ ਹਮਾਸ ਸਾਰੇ ਬੰਧਕਾਂ ਨੂੰ ਰਿਹਾਅ ਕਰਨ ਲਈ ਤਿਆਰ ਹੈ, ਪਰ ਉਹ ਇਕ ਮਹੀਨੇ ਦੀ ਜੰਗਬੰਦੀ ਚਾਹੁੰਦਾ ਹੈ।



ਇਹ ਜਾਣਕਾਰੀ ਟਾਈਮਜ਼ ਆਫ ਇਜ਼ਰਾਈਲ ਨੇ ਅਲ ਅਰਬੀ ਅਲ ਜਾਦੀਦ ਦੀ ਰਿਪੋਰਟ ਦੇ ਹਵਾਲੇ ਨਾਲ ਦਿੱਤੀ ਹੈ। ਰਿਪੋਰਟ ਮੁਤਾਬਕ ਜਦੋਂ ਮਿਸਰ ਦੀ ਟੀਮ ਤੇਲ ਅਵੀਵ ਪਹੁੰਚੀ ਤਾਂ ਇਸ ਨੇ ਯੁੱਧ ਨੂੰ ਪੂਰੀ ਤਰ੍ਹਾਂ ਖਤਮ ਕਰਨ ਲਈ ਇਜ਼ਰਾਈਲੀ ਸਰਕਾਰ ਨਾਲ ਗੱਲਬਾਤ ਕੀਤੀ। ਇਹ ਕੋਸ਼ਿਸ਼ ਇਸ ਲਈ ਮਹੱਤਵਪੂਰਨ ਮੰਨੀ ਜਾਂਦੀ ਹੈ ਕਿਉਂਕਿ ਇਜ਼ਰਾਈਲ ਕਈ ਵਾਰ ਕਹਿ ਚੁੱਕਾ ਹੈ ਕਿ ਉਹ ਹਮਾਸ ਦੇ ਮੁਕੰਮਲ ਵਿਨਾਸ਼ ਤੱਕ ਜੰਗ ਨਹੀਂ ਰੋਕੇਗਾ।

ਹੁਣ ਕਤਰ ਅਤੇ ਮਿਸਰ ਦੇ ਵਿਚੋਲੇ ਜੰਗਬੰਦੀ ਲਈ ਨਵਾਂ ਢਾਂਚਾ ਬਣਾ ਰਹੇ ਹਨ। ਮਿਸਰ ਦੇ ਇਕ ਅਧਿਕਾਰੀ ਨੇ ਕਿਹਾ ਕਿ ਇਸ ਸਮੇਂ ਸਥਿਤੀ ਬਹੁਤ ਗੁੰਝਲਦਾਰ ਅਤੇ ਮੁਸ਼ਕਿਲ ਹੈ। ਮਿਸਰ ਚਾਹੁੰਦਾ ਹੈ ਕਿ ਇਜ਼ਰਾਈਲੀ ਫੌਜ ਗਾਜ਼ਾ ਤੋਂ ਪੂਰੀ ਤਰ੍ਹਾਂ ਪਿੱਛੇ ਹਟ ਜਾਵੇ ਅਤੇ ਉਸ ਤੋਂ ਬਾਅਦ ਸਾਰੀਆਂ ਧਿਰਾਂ ਸਮਝੌਤਾ ਕਰਨ ਅਤੇ ਹਮਾਸ ਸ਼ਾਂਤੀ ਦੀ ਗਾਰੰਟੀ ਦੇਵੇ।

ਦੂਜੇ ਪਾਸੇ, ਕਤਰ ਵਿੱਚ ਇੱਕ ਸੂਤਰ ਨੇ ਕਿਹਾ ਕਿ ਹਮਾਸ ਬੰਧਕਾਂ ਦੀ ਰਿਹਾਈ ਲਈ ਤਿਆਰ ਹੈ, ਪਰ ਉਸਦੀ ਮੰਗ ਹੈ ਕਿ ਇਜ਼ਰਾਈਲ ਘੱਟੋ ਘੱਟ ਇੱਕ ਮਹੀਨੇ ਦੀ ਜੰਗਬੰਦੀ ਦੀ ਗਰੰਟੀ ਦੇਵੇ। ਫਲਸਤੀਨ ਅਥਾਰਟੀ ਦੀ ਭੂਮਿਕਾ ਵੀ ਅਹਿਮ ਹੋ ਸਕਦੀ ਹੈ। ਹਾਲਾਂਕਿ ਇਜ਼ਰਾਈਲ ਇਸ ਮਾਮਲੇ ਵਿਚ ਝੁਕਣ ਨੂੰ ਤਿਆਰ ਨਹੀਂ ਹੈ। ਇਹ ਸਭ ਤੋਂ ਵੱਡੀ ਸਮੱਸਿਆ ਹੈ।

## ਇੱਕ ਹਫ਼ਤੇ ਵਿੱਚ 100 ਤੋਂ ਵੱਧ ਹਮਾਸ ਦੇ ਅੱਤਵਾਦੀਆਂ ਨੂੰ ਮਾਰਿਆ : ਇਜ਼ਰਾਈਲੀ ਪ੍ਰਧਾਨ ਮੰਤਰੀ

ਤਲਅਵੀਵ, 1 ਜਨਵਰੀ (ਪੋਸ ਬਿਊਰੋ): ਇਜ਼ਰਾਈਲ ਅਤੇ ਹਮਾਸ ਵਿਚਾਲੇ ਚੱਲ ਰਹੀ ਜੰਗ ਨੂੰ ਤਿੰਨ ਮਹੀਨੇ ਪੂਰੇ ਹੋਣ ਵਾਲੇ ਹਨ। ਇਹ ਜੰਗ ਵੀ ਰੂਸ-ਯੂਕਰੇਨ ਵਾਂਗ ਅੱਗੇ ਵਧਦੀ ਨਜ਼ਰ ਆ ਰਹੀ ਹੈ। ਇਸ ਜੰਗ ਕਾਰਨ ਹਜ਼ਾਰਾਂ ਲੋਕ ਮਾਰੇ ਗਏ ਹਨ। ਲੱਖਾਂ ਲੋਕਾਂ ਨੂੰ ਬੇਘਰ ਹੋਣਾ ਪਿਆ ਹੈ। ਇਸ ਦੌਰਾਨ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਕਿਹਾ ਹੈ ਕਿ ਇਜ਼ਰਾਈਲ ਡਿਫੈਂਸ ਫੋਰਸਿਜ਼ (ਆਈ.ਡੀ.ਐੱਫ.) ਨੇ ਪਿਛਲੇ ਹਫਤੇ 100 ਤੋਂ ਵੱਧ ਫਲਸਤੀਨੀ ਅੱਤਵਾਦੀਆਂ ਨੂੰ ਮਾਰ ਦਿੱਤਾ ਹੈ, ਜਦੋਂਕਿ ਹਰ ਰੋਜ਼ ਦਰਜਨਾਂ ਮਾਰੇ ਜਾ ਰਹੇ ਹਨ।



ਰਿਪੋਰਟ ਮੁਤਾਬਕ ਨੇਤਨਯਾਹੂ ਨੇ ਐਤਵਾਰ ਨੂੰ ਤਲਅਵੀਵ 'ਚ ਕਿਰੀਆ ਫੌਜੀ ਅੱਡੇ 'ਤੇ ਸਰਕਾਰੀ ਬੈਠਕ ਦੀ ਸ਼ੁਰੂਆਤ 'ਚ ਇਹ ਟਿੱਪਣੀ ਕੀਤੀ। ਉਨ੍ਹਾਂ ਕਿਹਾ ਕਿ ਪਿਛਲੇ ਹਫ਼ਤੇ ਉਨ੍ਹਾਂ (ਫ਼ੌਜਾਂ) ਨੇ 100 ਤੋਂ ਵੱਧ ਅੱਤਵਾਦੀਆਂ ਨੂੰ ਮਾਰ ਦਿੱਤਾ ਅਤੇ ਹਰ ਰੋਜ਼ ਦਰਜਨਾਂ ਅੱਤਵਾਦੀ ਮਾਰੇ ਜਾਂਦੇ ਹਨ, ਕਈ ਵਾਰ ਇਸ ਤੋਂ ਵੀ ਵੱਧ। ਅਸੀਂ ਹਮਾਸ ਨੂੰ ਖ਼ਤਮ ਕਰਾਂਗੇ, ਆਪਣੇ ਬੰਧਕਾਂ ਨੂੰ ਵਾਪਿਸ ਲਿਆਵਾਂਗੇ ਅਤੇ ਜੰਗ ਜਿੱਤਾਂਗੇ।

ਐਤਵਾਰ ਨੂੰ ਬਾਅਦ ਵਿੱਚ ਜਾਰੀ ਕੀਤੇ ਗਏ ਇੱਕ ਬਿਆਨ ਵਿੱਚ ਖੁਲਾਸਾ ਹੋਇਆ ਕਿ ਇਜ਼ਰਾਈਲੀ ਫੌਜਾਂ ਦੱਖਣੀ ਗਾਜ਼ਾ ਪੱਟੀ ਵਿੱਚ ਖਾਨ ਯੂਨਿਸ ਵਿੱਚ ਕਾਰਵਾਈਆਂ ਜਾਰੀ ਰੱਖ ਰਹੀਆਂ ਹਨ। ਫਲਸਤੀਨੀ ਅੱਤਵਾਦੀਆਂ ਨੂੰ ਮਾਰਨ ਲਈ ਬਖਤਰਬੰਦ, ਇੰਜੀਨੀਅਰਿੰਗ ਅਤੇ ਹਵਾਈ ਸੈਨਾ ਦੀਆਂ ਇਕਾਈਆਂ ਦੀ ਵਰਤੋਂ ਕੀਤੀ ਜਾ ਰਹੀ ਹੈ। ਇਜ਼ਰਾਈਲ ਦੇ ਸਰਕਾਰੀ ਪ੍ਰੈੱਸ ਦਫ਼ਤਰ ਦੇ ਇੱਕ ਬਿਆਨ ਦੇ ਅਨੁਸਾਰ, ਸਰਕਾਰ ਨੇ ਐਤਵਾਰ ਨੂੰ ਸਥਾਨਕ ਚੋਣਾਂ ਨੂੰ ਮੁਲਤਵੀ ਕਰਨ ਲਈ 27 ਫਰਵਰੀ ਤੱਕ ਇੱਕ ਆਦੇਸ਼ 'ਤੇ ਹਸਤਾਖਰ ਕਰਨ ਨੂੰ ਸਰਬਸੰਮਤੀ ਨਾਲ ਪ੍ਰਵਾਨਗੀ ਦਿੱਤੀ, ਜੋਕਿ ਅਕਤੂਬਰ 2023 ਵਿੱਚ ਹੋਣੀਆਂ ਸਨ।

## ਭਾਰਤ ਨੇ ਪਾਕਿਸਤਾਨ ਨੂੰ ਭਾਰਤੀ ਕੈਦੀਆਂ ਨੂੰ ਰਿਹਾਅ ਕਰਨ ਲਈ ਕਿਹਾ



ਨਵੀਂ ਦਿੱਲੀ, 1 ਜਨਵਰੀ (ਪੋਸਟ ਬਿਊਰੋ): ਭਾਰਤ ਨੇ ਸੋਮਵਾਰ ਨੂੰ ਪਾਕਿਸਤਾਨ ਨੂੰ ਕਿਹਾ ਕਿ ਉਹ 184 ਭਾਰਤੀ ਮਛੇਰਿਆਂ ਦੀ ਰਿਹਾਈ ਅਤੇ ਵਾਪਸੀ ਦੀ ਪ੍ਰਕਿਰਿਆ ਨੂੰ ਤੇਜ਼ ਕਰੇ ਕਿਉਂਕਿ ਉਨ੍ਹਾਂ ਦੀ ਸਜ਼ਾ ਪੂਰੀ ਹੋ ਗਈ ਹੈ। ਵਿਦੇਸ਼ ਮੰਤਰਾਲੇ (ਐੱਮ.ਈ.ਏ.) ਨੇ ਕਿਹਾ ਕਿ ਇਸ ਤੋਂ ਇਲਾਵਾ, ਇਸਲਾਮਾਬਾਦ ਨੂੰ ਪਾਕਿਸਤਾਨੀ ਹਿਰਾਸਤ ਵਿੱਚ 12 ਕੈਦੀਆਂ ਨੂੰ ਤੁਰੰਤ ਕੌਂਸਲਰ ਪਹੁੰਚ ਪ੍ਰਦਾਨ ਕਰਨ ਲਈ ਕਿਹਾ ਗਿਆ ਹੈ, ਜੋ ਭਾਰਤੀ ਮੰਨੇ ਜਾਂਦੇ ਹਨ।

ਭਾਰਤ ਨੇ ਇਹ ਬੇਨਤੀ 2008 ਦੇ ਸਮਝੌਤੇ ਤਹਿਤ ਹਰੇਕ ਕੈਲੰਡਰ ਸਾਲ ਦੀ 1 ਜਨਵਰੀ ਅਤੇ 1 ਜੁਲਾਈ ਨੂੰ ਦੋਵਾਂ ਦੇਸ਼ਾਂ ਵੱਲੋਂ ਕੈਦੀਆਂ ਅਤੇ ਮਛੇਰਿਆਂ ਦੀਆਂ ਸੂਚੀਆਂ ਦੇ ਆਦਾਨ-ਪ੍ਰਦਾਨ ਦੇ ਅਭਿਆਸ ਦੇ ਸੰਦਰਭ ਵਿੱਚ ਕੀਤੀ ਹੈ। ਭਾਰਤ ਨੇ ਆਪਣੀ ਹਿਰਾਸਤ ਵਿੱਚ 81 ਮਛੇਰਿਆਂ ਅਤੇ 337 ਕੈਦੀਆਂ ਦੀ ਸੂਚੀ ਸਾਂਝੀ ਕੀਤੀ ਹੈ, ਜੋ ਪਾਕਿਸਤਾਨੀ ਹਨ ਜਾਂ ਮੰਨਿਆ ਜਾਂਦਾ ਹੈ ਕਿ ਉਹ ਪਾਕਿਸਤਾਨੀ ਹਨ। ਇਸੇ ਤਰ੍ਹਾਂ, ਪਾਕਿਸਤਾਨ ਨੇ ਆਪਣੀ ਹਿਰਾਸਤ ਵਿੱਚ 184 ਮਛੇਰਿਆਂ ਅਤੇ 47 ਹੋਰ ਕੈਦੀਆਂ ਦੀ ਸੂਚੀ ਸਾਂਝੀ ਕੀਤੀ ਹੈ ਵਿਦੇਸ਼ ਮੰਤਰਾਲੇ ਦੇ ਅਨੁਸਾਰ ਜੋ ਭਾਰਤੀ ਹਨ ਜਾਂ ਭਾਰਤੀ ਮੰਨੇ ਜਾਂਦੇ ਹਨ।

## ਮਨੀਪੁਰ ਵਿਚ ਗੋਲੀਬਾਰੀ, 4 ਲੋਕਾਂ ਦੀ ਮੌਤ, ਕਰਫਿਊ ਲੱਗਾ

ਇੰਫਾਲ, 1 ਜਨਵਰੀ (ਪੋਸਟ ਬਿਊਰੋ): ਮਨੀਪੁਰ 'ਚ ਹਿੰਸਾ ਰੁਕਣ ਦੇ ਕੋਈ ਸੰਕੇਤ ਨਹੀਂ ਦੇ ਰਹੀ ਹੈ। ਇਕ ਵਾਰ ਫਿਰ ਨਵੇਂ ਸਾਲ ਦੇ ਪਹਿਲੇ ਦਿਨ ਸੂਬੇ ਦੇ ਥੌਬਲ ਵਿਚ ਚਾਰ ਲੋਕਾਂ ਦੀ ਕਥਿਤ ਤੌਰ 'ਤੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਇਸ ਹਿੰਸਾ ਵਿਚ ਕਈ ਲੋਕ ਜ਼ਖਮੀ ਵੀ ਹੋਏ ਹਨ। ਇਸ ਤੋਂ ਬਾਅਦ ਘਾਟੀ ਦੇ ਜ਼ਿਲ੍ਹਿਆਂ ਵਿਚ ਫਿਰ ਤੋਂ ਕਰਫਿਊ ਲਗਾ ਦਿੱਤਾ ਗਿਆ। ਥੌਬਲ ਜ਼ਿਲ੍ਹੇ ਦੇ ਸਥਾਨਕ ਲੋਕਾਂ ਨੇ ਦਾਅਵਾ ਕੀਤਾ ਕਿ ਲੋਕਾਂ ਦਾ ਇੱਕ ਸਮੂਹ, ਜਿਨ੍ਹਾਂ ਦੀ ਹਾਲੇ ਪਹਿਚਾਣ ਨਹੀਂ ਹੋ ਸਕੀ ਹੈ, ਫਿਰੌਤੀ ਲਈ ਆਟੋਮੈਟਿਕ ਹਥਿਆਰਾਂ ਨਾਲ ਆਏ ਸਨ।

ਘਟਨਾ ਤੋਂ ਬਾਅਦ ਮੁੱਖ ਮੰਤਰੀ ਐਨ ਬੀਰੇਨ ਸਿੰਘ ਨੇ ਇੱਕ ਵੀਡੀਓ ਸੰਦੇਸ਼ ਵਿੱਚ ਹਿੰਸਾ ਦੀ ਨਿੰਦਾ ਕੀਤੀ ਅਤੇ ਲੋਕਾਂ ਨੂੰ ਸ਼ਾਂਤੀ ਬਣਾਏ ਰੱਖਣ ਦੀ ਅਪੀਲ ਕੀਤੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਮੈਂ ਨਿਰਦੋਸ਼ ਲੋਕਾਂ ਦੀ ਹੱਤਿਆ 'ਤੇ ਬਹੁਤ ਦੁੱਖ ਪ੍ਰਗਟ ਕਰਦਾ ਹਾਂ। ਅਸੀਂ ਦੋਸ਼ੀਆਂ ਨੂੰ ਫੜਨ ਲਈ ਪੁਲਿਸ ਟੀਮਾਂ ਤਾਇਨਾਤ ਕੀਤੀਆਂ ਹਨ। ਮੈਂ ਲਿਲੋਂਗ (ਜਿੱਥੇ ਇਹ ਘਟਨਾ ਵਾਪਰੀ ਸੀ) ਦੇ ਨਿਵਾਸੀਆਂ ਨੂੰ ਹੱਥ ਜੋੜ ਕੇ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਵਿੱਚ ਮੱਦਦ ਕਰਨ ਦੀ ਅਪੀਲ ਕਰਦਾ ਹਾਂ। "ਸਰਕਾਰ ਦੀ ਮੱਦਦ ਕਰੋ। ਮੈਂ ਵਾਅਦਾ ਕਰਦਾ ਹਾਂ ਕਿ ਸਰਕਾਰ ਕਾਨੂੰਨ ਤਹਿਤ ਇਨਸਾਫ਼ ਦਿਵਾਉਣ ਲਈ ਹਰ ਸੰਭਵ ਕੋਸ਼ਿਸ਼ ਕਰੇਗੀ।" ਮੁੱਖ ਮੰਤਰੀ ਐਨ ਬੀਰੇਨ ਸਿੰਘ ਨੇ ਸੱਤਾਧਾਰੀ ਪਾਰਟੀ ਦੇ ਸਾਰੇ ਮੰਤਰੀਆਂ ਅਤੇ ਵਿਧਾਇਕਾਂ ਦੀ ਹੰਗਾਮੀ ਮੀਟਿੰਗ ਵੀ ਬੁਲਾਈ ਹੈ।





## Dr. Randhawa Dentistry

*Your own dentist who really cares for you*

**We Provide the following Services:**

- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

**Dr. Samreet Kaur Randhawa**
General Family Dentist

New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

**NEW LOCATION**
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

**FIRST LOCATION**
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd / Mcvean Dr / Gore Rd / Squire Ellis Dr / DENTISTRY / Countryside Dr



## Grand Upholstery Ltd

**Sofa Company** Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ **L Shape** ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ

ਕੁਆਲਿਟੀ ਮੂਹੋਂ ਬੋਲਦੀ ਹੈ

**Tel: 905.791.2888 Cell: 647.293.3212**
2053 Williams Pkwy, Unit -45, Brampton | Email: grandupholstery@gmail.com



## URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED T&L SOLD

**JAG AUJLA**
MCNE, REAL ESTATE BROKER
**416-371-7777**
e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

### RECENTLY LISTED IN YOUR NEIGHBOURHOOD

**Brampton Ontario (Dir/Cross St:Kennedy/Bovaird)**

ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਸੋਹਣਾ ਜਿਹਾ ਘਰ, 3 ਬੈਡਰੂਮ ਅਤੇ 4 ਵਾ-ਸ਼ਰੂਮ ਹਨ, ਫਿਨਿਸ਼ਡ ਬੇਸਮੈਂਟ, 1+1 ਕਿਚਨ, ਮੇਨ ਅਤੇ ਦੂਜੀ ਮੰਜ਼ਲ ਦੇ ਫਲੋਰ ਲੈਮੀਨੇਟਡ ਹਨ, ਮਾਸਟਰ ਬੈਡਰੂਮ ਵਿਚ 4 ਪੀਸੀ ਇਨ-ਸੂਟ ਅਤੇ ਵਾਕਿੰਗ ਕਲੋਜ਼ਟ, ਚਾਰਦਿਵਾਰੀ ਦੇ ਨਾਲ ਯਾਰਡ, ਅਤੇ ਹੋਰ ਵੀ ਬਹੁਤ ਕੁੱਝ।

**Brampton Ontario (Dir/Cross St:The Gore/Castlemore/Gardenbrok)**

ਖ਼ੂਬਸੂਰਤ ਡਿਟੈਚਡ ਘਰ, ਜਿਸ ਵਿਚ 4+2 ਬੈਡਰੂਮ + ਲੌਫਟ + 5 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ ਅਲੱਗ ਇੰਟਰੈਂਸ ਦੇ ਨਾਲ, 1+1 ਕਿਚਨ, ਸਾਰੇ ਬੈਡਰੂਮਜ਼ ਵਿਚ ਲੈਮੀਨੇਟਡ ਫਲੋਰ, ਪ੍ਰਾਇਮਰੀ ਬੈਡਰੂਮ ਵਿਚ 5 ਪੀਸੀ ਇਨਸੂਟ ਅਤੇ ਵਾਕ ਇਨ ਕਲੋਜ਼ਟ, ਦੋ ਮਾਸਟਰ ਬੈਡਰੂਮ, ਪਾਠ/ਪੂਜਾ ਲਈ ਸਥਾਨ ਅਤੇ ਹੋਰ ਵੀ ਬਹੁਤ ਕੁੱਝ।

**Caledon Ontario (Dir/Cross St:Mayfield/ Mclaughlin/Tweedhill)**

ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

**Brampton Ontario (Dir/Cross St:Bramalea/Father Tobin /Fernfor)**

ਰੈਂਪਟਨ ਵਿਚ 3000-3500 ਸਕੁਏਅਰ ਫੁੱਟ ਦਾ ਸੋਹਣਾ ਜਿਹਾ 3 ਸਟੋਰੀ ਡਿਟੈਚਟਡ ਘਰ, ਬਰੈਮਲੀ/ਫਾਦਰ ਟੌਬਿਨ/ਫਰਨਫੌਰ ਇੰਟਰਸੈਕਸ਼ਨ ਉਤੇ ਸਥਿਤ, 5+1 ਬੈਡਰੂਮਜ਼ + 5 ਵਾਸ਼ਰੂਮਜ਼, 2 ਫੈਮਿਲੀ ਰੂਮ ਅਤੇ 2 ਮਾਸਟਰ ਬੈਡਰੂਮਜ਼ ਦੇ ਨਾਲ, ਉਪਰਲੇ ਫਲੋਰ ਦੇ ਸਾਰੇ ਬੈਡਰੂਮਜ਼ ਲੈਮੀਨੇਟਡ, ਕੁਆਰਟਸ ਸੀ ਟਾਪ ਦੇ ਨਾਲ ਸੁੰਦਰ ਕਿਚਨ, ਗੈਰਾਜ ਤੋਂ ਡੋਰ ਐਂਟਰੀ, ਅੰਦਰ ਅਤੇ ਬਾਹਰ ਪੌਟ ਲਾਈਟਾਂ ਲੱਗੀਆਂ ਹੋਈਆਂ, ਦੂਸਰੇ ਫਲੋਰ ਉਤੇ ਲਾਉਂਡਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਸਾਊਂਡ ਸਿਸਟਮ ਦੇ ਨਾਲ।

**FREE**

- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232

**JAG AUJLA** 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017